ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

# Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 4 ਸਤੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੦ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243



## ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਵਸ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ ਹੋਣ ਜੀ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 4 ਸਤੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੦ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## ਸਾਬਕਾ ਕ੍ਰਿਕਟਰ ਸੁਰੇਸ਼ ਰੈਨਾ ਦੇ ਫੁੱਫੜ ਤੇ ਭਰਾ ਦਾ ਕਤਲ ਕਰਨ ਵਾਲਿਆਂ ਨੂੰ ਵੱਡੀ ਸਜ਼ਾ

**ਪਠਾਨਕੋਟ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਕ੍ਰਿਕਟਰ ਸੁਰੇਸ਼ ਰੈਨਾ ਦੇ ਫੁੱਫੜ ਦੇ ਕਤਲ ਦੇ ਮਾਮਲੇ 'ਚ ਪਠਾਨਕੋਟ ਜ਼ਿਲ੍ਹਾ ਸੈਸ਼ਨ ਜੱਜ ਨੇ ਸਾਰੇ 12 ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ। ਸਜ਼ਾ ਤੋਂ ਇਲਾਵਾ ਦੋਸ਼ੀਆਂ 'ਤੇ 2-2 ਲੱਖ ਰੁਪਏ ਦਾ ਜੁਰਮਾਨਾ ਵੀ ਲਗਾਇਆ ਗਿਆ ਹੈ। ਦੱਸਣਯੋਗ ਹੈ ਕਿ 19 ਅਗਸਤ 2020 ਦੀ ਰਾਤ ਨੂੰ ਪਠਾਨਕੋਟ ਜ਼ਿਲ੍ਹੇ ਦੇ ਪਿੰਡ ਥਰਿਆਲ ਵਿਖੇ ਅਣਪਛਾਤੇ ਲੁਟੇਰਿਆਂ ਨੇ ਠੇਕੇਦਾਰ ਅਸ਼ੋਕ ਕੁਮਾਰ ਅਤੇ ਉਸਦੇ ਪਰਿਵਾਰਕ ਮੈਂਬਰਾਂ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਸੀ। ਇਸ ਵਿਚ ਸੁਰੇਸ਼ ਰੈਨਾ ਦੇ ਫੁੱਫੜ ਅਸ਼ੋਕ ਕੁਮਾਰ (58) ਅਤੇ ਉਸ ਦੇ ਪੁੱਤਰ ਕੌਸ਼ਲ ਕੁਮਾਰ (32) ਦੀ ਮੌਤ ਹੋ ਗਈ ਸੀ। ਅਸ਼ੋਕ ਕੁਮਾਰ ਦੀ ਪਤਨੀ ਆਸ਼ਾ ਦੇਵੀ (55), ਪੁੱਤਰ ਅਪੀਨ ਕੁਮਾਰ (24) ਅਤੇ ਇਕ ਹੋਰ ਪਰਿਵਾਰਕ ਮੈਂਬਰ ਸੱਤਿਆ ਦੇਵੀ ਗੰਭੀਰ ਜ਼ਖ਼ਮੀ ਹੋ ਗਏ। ਸੀਨੀਅਰ ਵਕੀਲ ਹਰੀਸ਼ ਪਠਾਨੀਆ ਨੇ ਦੱਸਿਆ ਕਿ 20 ਅਗਸਤ 2020 ਨੂੰ ਪਠਾਨਕੋਟ ਵਾਸੀ ਸ਼ਾਮ ਲਾਲ ਨੇ ਅਸ਼ੋਕ ਕੁਮਾਰ ਅਤੇ ਕੌਸ਼ਲ ਕੁਮਾਰ ਦੇ ਕਤਲ ਅਤੇ ਆਸ਼ਾ ਰਾਣੀ, ਅਪੀਨ ਕੁਮਾਰ, ਸੱਤਿਆ ਦੇਵੀ ਨੂੰ ਬੁਰੀ ਤਰ੍ਹਾਂ ਜ਼ਖਮੀ ਕਰਨ ਦੇ ਦੋਸ਼ਾਂ ਤਹਿਤ ਸ਼ਾਹਪੁਰਕੰਡੀ ਥਾਣੇ ਵਿੱਚ ਕੇਸ ਦਰਜ ਕਰਵਾਇਆ ਸੀ। ਆਸ਼ਾ ਰਾਣੀ ਡੇਢ ਸਾਲ ਤੱਕ ਹਸਪਤਾਲ ਵਿਚ ਕੋਮਾ ਵਿਚ ਰਹੀ। ਕੋਮਾ ਤੋਂ ਬਾਹਰ ਆਉਂਦਿਆਂ ਹੀ ਉਸ ਨੇ ਇਸ ਕੇਸ ਵਿਚ ਗਵਾਹੀ ਦਿੱਤੀ। ਸਜ਼ਾ ਸੁਣਾਏ ਜਾਣ ਵਾਲਿਆਂ ਵਿਚ ਸਵਰਨ ਉਰਫ਼ ਮੈਚਿੰਗ, ਸ਼ਾਹਰੁਖ ਖ਼ਾਨ ਉਰਫ਼ ਲੁਕਮਾਨ, ਮੁਹੱਬਤ, ਰਿਹਾਨ ਉਰਫ਼ ਸੋਨੂੰ, ਅਸਲਮ ਉਰਫ਼ ਨਾਸੋ, ਤਵਜਲ ਬੀਬੀ, ਕਾਜ਼ਮ ਉਰਫ਼ ਗੀਡਾ, ਚਾਹਤ ਉਰਫ਼ ਜਾਨ, ਜਬਰਾਨਾ, ਸਾਜਨ ਉਰਫ਼ ਆਮਿਰ, ਗੋਲੂ ਉਰਫ਼ ਸਹਿਜਾਨ ਅਤੇ ਛੱਜਾਲੀ ਸ਼ਾਮਲ ਹਨ।

### ਪਾਰਟੀ ਨੇ ਆਗੂਆਂ ਤੇ ਬੁਲਾਰਿਆਂ ਨੂੰ ਦਿੱਤੀ ਖਾਸ ਹਦਾਇਤ

# ਜਥੇਦਾਰ ਸਾਬ੍ਹ ਦੀ ਤਾੜਨਾ ਤੋਂ ਬਾਅਦ ਨਰਮ ਪਿਆ ਸ਼੍ਰੋਮਣੀ ਅਕਾਲੀ ਦਲ

**ਅੰਮ੍ਰਿਤਸਰ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਲੀਡਰਾਂ ਅਤੇ ਬਾਗੀ ਧੜੇ ਦੇ ਨੇਤਾਵਾਂ ਵੱਲੋਂ ਇੱਕ ਦੂਜੇ 'ਤੇ ਕੀਤੀ ਜਾ ਰਹੀ ਬਿਆਨਬਾਜ਼ੀ ਦਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸਖ਼ਤ ਨੋਟਿਸ ਲਿਆ ਹੈ ਜਿਸ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਨੇ ਇਸ ਦਾ ਸੁਆਗਤ ਕੀਤਾ ਹੈ।



ਉਨ੍ਹਾਂ ਨੇ ਪਾਰਟੀ ਦੇ ਲੀਡਰਾਂ ਤੇ ਬੁਲਾਰਿਆਂ ਨੂੰ ਹਿਦਾਇਤਾਂ ਜਾਰੀਆਂ ਕੀਤੀਆਂ ਹਨ। ਇਸ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਲੀਡਰ ਤੇ ਬੁਲਾਰੇ ਡਾ. ਦਲਜੀਤ ਸਿੰਘ ਚੀਮਾ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਸ਼੍ਰੋਮਣੀ ਅਕਾਲੀ ਦਲ ਨੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਜਾਰੀ ਹਦਾਇਤਾਂ ਦਾ ਸਵਾਗਤ ਕੀਤਾ ਹੈ। ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੇ ਪਾਰਟੀ ਦੇ ਸਾਰੇ ਆਗੂਆਂ ਨੂੰ ਹਦਾਇਤਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਹੈ। ਅਕਾਲੀ ਦਲ ਨੇ ਆਪਣੇ ਸਾਰੇ ਬੁਲਾਰਿਆਂ ਨੂੰ ਮੀਡੀਆ ਵਿੱਚ ਇਸ ਮੁੱਦੇ 'ਤੇ ਕਿਸੇ ਵੀ ਤਰ੍ਹਾਂ ਦੀ ਬਹਿਸ ਤੋਂ ਬਚਣ ਦੀ ਸਲਾਹ ਵੀ ਦਿੱਤੀ ਹੈ। ਦਰਅਸਲ, ਜਥੇਦਾਰ ਰਘਬੀਰ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਤ ਵਿਚਾਰੇ ਜਾ ਰਹੇ ਮਾਮਲੇ ਦੇ ਸਬੰਧ ਵਿਚ ਵੱਖ-ਵੱਖ ਅਕਾਲੀ ਆਗੂਆਂ ਵਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ-ਮਰਿਆਦਾ ਅਤੇ ਇੱਕ-ਦੂਜੇ ਦੇ ਖਿਲਾਫ਼ ਕੀਤੀ ਜਾ ਰਹੀ ਬਿਆਨਬਾਜ਼ੀ ਦਾ ਸਖ਼ਤ ਨੋਟਿਸ ਲਿਆ ਹੈ। ਉਨ੍ਹਾਂ ਕਿਹਾ ਕਿ ਇਹ ਵਰਤਾਰਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ ਮਰਯਾਦਾ ਅਤੇ ਸਰਬਉੱਚਤਾ ਦੇ ਵਿਰੁੱਧ ਹੈ, ਕਿਉਂਕਿ ਜਦੋਂ ਤੱਕ ਇਹ ਮਾਮਲਾ ਵਿਚਾਰ ਅਧੀਨ ਹੈ ਤਦ ਤੱਕ ਇਸ 'ਤੇ ਕਿਸੇ ਤਰ੍ਹਾਂ ਦੀਆਂ ਵੀ ਟਿੱਪਣੀਆਂ ਉਚਿਤ ਨਹੀਂ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਤੋਂ ਜਾਰੀ ਲਿਖਤੀ ਬਿਆਨ ਵਿਚ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸਿੱਖ ਸਿਆਸਤ ਨਾਲ ਜੁੜੇ ਆਗੂਆਂ ਨੂੰ ਸਖ਼ਤ ਹਦਾਇਤ ਕਰਦਿਆਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉੱਚਤਾ, ਸਤਿਕਾਰ, ਸਿਧਾਂਤ ਅਤੇ ਪਰੰਪਰਾ ਨੂੰ ਧਿਆਨ ਵਿਚ ਰੱਖਦਿਆਂ ਇਕ-ਦੂਜੇ ਦੇ ਵਿਰੁੱਧ ਬਿਆਨਬਾਜ਼ੀ ਤੁਰੰਤ ਬੰਦ ਕੀਤੀ ਜਾਵੇ। ਜੇਕਰ ਸਿੱਖ ਸਿਆਸੀ ਆਗੂ ਬਾਜ਼ ਨਾ ਆਏ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ-ਮਰਿਆਦਾ ਦੀ ਉਲੰਘਣਾ ਕਰਨ ਵਾਲੇ ਆਗੂਆਂ ਦੇ ਖਿਲਾਫ਼ ਪੰਥਕ ਰਹੁ-ਰੀਤਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ

## ਸ੍ਰੀ ਅਕਾਲ ਤਖ਼ਤ ਸਾਹਿਬ ਨੇ 17 ਸਾਬਕਾ ਮੰਤਰੀਆਂ ਤੋਂ ਮੰਗਿਆ ਸਪੱਸ਼ਟੀਕਰਨ

**ਅੰਮ੍ਰਿਤਸਰ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਸਰਕਾਰ ਸਮੇਂ ਦੇ 17 ਸਾਬਕਾ ਮੰਤਰੀਆਂ ਤੋਂ ਸ੍ਰੀ ਅਕਾਲ ਤਖਤ ਸਾਹਿਬ ਨੇ ਸਪੱਸ਼ਟੀਕਰਨ ਮੰਗਿਆ ਹੈ। ਇਸ ਨੂੰ ਲੈ ਕੇ ਸ੍ਰੀ ਅਕਾਲ ਤਖ਼ਤ ਸਕੱਤਰੇਤ ਵੱਲੋਂ ਚਿੱਠੀ ਜਨਤਕ ਕਰ ਦਿੱਤੀ ਗਈ ਹੈ। ਜਿਸ 'ਚ ਸਾਲ 2007 ਤੋਂ 2017 ਤੱਕ ਦੇ ਬਾਦਲ ਸਰਕਾਰ ਦੇ ਕਾਰਜਕਾਲ ਦੌਰਾਨ ਮੰਤਰੀ ਰਹੇ 17 ਕੋਲੋਂ ਵੀ ਸਪੱਸ਼ਟੀਕਰਨ ਮੰਗਿਆ ਗਿਆ ਹੈ। ਜਾਣਕਾਰੀ ਅਨੁਸਾਰ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਦੇ ਨਿਜੀ ਸਹਾਇਕ ਪ੍ਰੋ. ਸੁਖਦੇਵ ਸਿੰਘ ਦੇ ਦਸਤਖ਼ਤਾਂ ਹੇਠ ਸਾਲ 2007 ਤੋਂ 2017 ਤਕ ਅਕਾਲੀ-ਭਾਜਪਾ ਗਠਜੋੜ ਸਰਕਾਰ ਵਿਚ ਮੰਤਰੀ ਰਹੇ ਬੀਬੀ ਉਪਿੰਦਰਜੀਤ ਕੌਰ, ਆਦੇਸ਼ ਪ੍ਰਤਾਪ ਸਿੰਘ ਕੈਰੋਂ, ਗੁਲਜ਼ਾਰ ਸਿੰਘ ਰਣੀਕੇ, ਪਰਮਿੰਦਰ ਸਿੰਘ ਢੀਂਡਸਾ, ਸੁੱਚਾ ਸਿੰਘ ਲੰਗਾਹ, ਜਨਮੇਜਾ ਸਿੰਘ ਸੇਖੋਂ, ਹੀਰਾ ਸਿੰਘ ਗਾਬੜੀਆ, ਸਰਵਨ ਸਿੰਘ ਫਿਲੌਰ, ਸੋਹਨ ਸਿੰਘ ਠੰਡਲ, ਦਲਜੀਤ ਸਿੰਘ ਚੀਮਾ,



ਸਿਕੰਦਰ ਸਿੰਘ ਮਲੂਕਾ, ਬੀਬੀ ਜਗੀਰ ਕੌਰ, ਬਿਕਰਮ ਸਿੰਘ ਮਜੀਠੀਆ, ਮਨਪ੍ਰੀਤ ਸਿੰਘ ਬਾਦਲ, ਸ਼ਰਨਜੀਤ ਸਿੰਘ ਢਿੱਲੋਂ, ਸੁਰਜੀਤ ਸਿੰਘ, ਮਹੇਸ਼ਿੰਦਰ ਸਿੰਘ ਗਰੇਵਾਲ ਆਦਿ ਨੂੰ ਵੀ ਤਖ਼ਤਾਂ ਦੇ ਜਥੇਦਾਰਾਂ ਦੇ ਸਰਬਸੰਮਤੀ ਨਾਲ ਹੋਏ ਫ਼ੈਸਲੇ ਮੁਤਾਬਕ ਸੁਖਬੀਰ ਬਾਦਲ ਪ੍ਰਧਾਨ ਅਕਾਲੀ ਦਲ ਦੇ ਨਾਲ ਬਰਾਬਰ ਦੇ ਜ਼ਿੰਮੇਵਾਰ ਆਖਿਆ ਗਿਆ ਹੈ। ਉਕਤਾਨ ਕੋਲੋਂ ਵੀ 15 ਦਿਨਾਂ ਦੇ ਅੰਦਰ ਅੰਦਰ ਸਪੱਸ਼ਟੀਕਰਨ ਮੰਗਿਆ ਗਿਆ ਹੈ।

## ਲੁਧਿਆਣਾ 'ਚ ਵਾਪਰਿਆ ਭਿਆਨਕ ਸੜਕ ਹਾਦਸਾ, ਇੱਕ ਦੀ ਮੌਤ, 35 ਜ਼ਖ਼ਮੀ



**ਲੁਧਿਆਣਾ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਵਿੱਚ ਦੇਰ ਰਾਤ ਹਰਿਦੁਆਰ ਤੋਂ ਜੰਮੂ ਜਾ ਰਹੀ ਇੱਕ ਨਿੱਜੀ ਕੰਪਨੀ ਦੀ ਬੱਸ ਪਲਟ ਗਈ। ਇਸ ਹਾਦਸੇ 'ਚ ਬੱਸ 'ਚ ਸਵਾਰ 3 ਬੱਚਿਆਂ ਸਮੇਤ 35 ਲੋਕ ਬੁਰੀ ਤਰ੍ਹਾਂ ਜ਼ਖਮੀ ਹੋ ਗਏ। ਜਿਨ੍ਹਾਂ ਨੂੰ ਸਿਵਲ ਹਸਪਤਾਲ ਲੁਧਿਆਣਾ ਵਿਖੇ ਦਾਖਲ ਕਰਵਾਇਆ ਗਿਆ ਹੈ। ਹਾਦਸੇ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ। ਅਜੇ ਤੱਕ ਮ੍ਰਿਤਕ ਦੀ ਪਛਾਣ ਨਹੀਂ ਹੋ ਸਕੀ ਹੈ। ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਹ ਹਾਦਸਾ ਸਵੇਰੇ ਕਰੀਬ 1 ਵਜੇ ਜਲੰਧਰ ਬਾਈਪਾਸ ਨੇੜੇ ਵਾਪਰਿਆ। ਜਿੱਥੇ ਜਿਵੇਂ ਹੀ ਹਰਿਦੁਆਰ ਤੋਂ ਜੰਮੂ ਜਾ ਰਹੀ ਬੱਸ ਲੁਧਿਆਣਾ ਦੇ ਜਲੰਧਰ ਬਾਈਪਾਸ ਨੇੜੇ ਪਹੁੰਚੀ ਤਾਂ ਹਾਈਵੇਅ 'ਤੇ ਅਚਾਨਕ ਪਲਟ ਗਈ। ਜਿਸ ਤੋਂ ਬਾਅਦ ਰੌਲਾ ਸੁਣ ਕੇ ਆਸ-ਪਾਸ ਦੇ ਲੋਕ ਮੌਕੇ 'ਤੇ ਪਹੁੰਚ ਗਏ ਅਤੇ ਬੱਸ 'ਚ ਫਸੇ ਲੋਕਾਂ ਨੂੰ ਬਾਹਰ ਕੱਢਣਾ ਸ਼ੁਰੂ ਕਰ ਦਿੱਤਾ। ਸੂਚਨਾ ਮਿਲਦਿਆਂ ਹੀ ਐਂਬੂਲੈਂਸ ਮੌਕੇ 'ਤੇ ਪਹੁੰਚ ਗਈ ਅਤੇ ਜ਼ਖਮੀਆਂ ਨੂੰ ਸਿਵਲ ਹਸਪਤਾਲ ਪਹੁੰਚਾਇਆ। ਇਸ ਹਾਦਸੇ 'ਚ ਤਿੰਨ ਬੱਚਿਆਂ ਸਮੇਤ 35 ਲੋਕ ਜ਼ਖਮੀ ਹੋਏ ਹਨ। ਜਿਸ ਦਾ ਸਿਵਲ ਹਸਪਤਾਲ ਵਿੱਚ ਹੀ ਇਲਾਜ ਚੱਲ ਰਿਹਾ ਹੈ। ਇਨ੍ਹਾਂ ਵਿੱਚੋਂ 12 ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਜਲੰਧਰ ਬਾਈਪਾਸ ਨੇੜੇ ਇੱਕ ਟਾਇਰ ਪੰਕਚਰ ਹੋ ਗਿਆ। ਜਿਸ ਕਾਰਨ ਬੱਸ ਪਲਟ ਗਈ। ਬੱਸ ਜੰਮੂ ਜਾ ਰਹੀ ਸੀ। ਇਸ ਹਾਦਸੇ ਵਿੱਚ ਇੱਕ ਵਿਅਕਤੀ ਦੀ ਵੀ ਮੌਤ ਹੋ ਗਈ। ਹਸਪਤਾਲ ਵਿੱਚ ਦਾਖ਼ਲ ਜ਼ਖ਼ਮੀ ਕੁਲਦੀਪ ਨੇ ਦੱਸਿਆ ਕਿ ਬੱਸ ਵਿੱਚ ਕਰੀਬ 48 ਲੋਕ ਸਵਾਰ ਸਨ। ਜਿਸ 'ਚ ਕਰੀਬ 35 ਲੋਕ ਜ਼ਖਮੀ ਹੋਏ ਹਨ। ਉਨ੍ਹਾਂ ਦੱਸਿਆ ਕਿ ਬੱਸ ਦਾ ਟਾਇਰ ਪੰਕਚਰ ਹੋਣ ਕਾਰਨ ਇਹ ਹਾਦਸਾ ਵਾਪਰਿਆ ਹੈ। ਪੁਲਿਸ ਨੇ ਵੀ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਹਾਦਸੇ ਵਿੱਚ ਮਾਰੇ ਗਏ ਵਿਅਕਤੀਆਂ ਦੀ ਪਛਾਣ ਨਹੀਂ ਹੋ ਸਕੀ ਹੈ। ਜਿਸ ਦੀ ਲਾਸ਼ ਨੂੰ ਸਿਵਲ ਹਸਪਤਾਲ 'ਚ ਰਖਵਾਇਆ ਗਿਆ ਹੈ। ਪਛਾਣ ਤੋਂ ਬਾਅਦ ਮ੍ਰਿਤਕ ਦਾ ਪੋਸਟਮਾਰਟਮ ਕਰਵਾਇਆ ਜਾਵੇਗਾ।

## ਹਾਈਕੋਰਟ ਵਿਖੇ ਗੁੜਗਾਓ ਪਟੌਦੀ ਚ 47 ਸਿੱਖਾਂ ਦੇ ਕਤਲੇਆਮ ਮਾਮਲੇ ਦੀ ਹੋਈ ਸੁਣਵਾਈ ਅਗਲੀ ਪੇਸ਼ੀ 19 ਨਵੰਬਰ ਨੂੰ

### ☛ 40 ਸਾਲਾਂ ਬਾਅਦ ਵੀ ਪੀੜਤਾਂ ਨੂੰ ਨਿਆ ਅਤੇ ਇਨਸਾਫ ਨਾ ਮਿਲਣਾ ਭਾਰਤੀ ਲੋਕਤੰਤਰ ਦੇ ਮੱਥੇ ਤੇ ਕਲੰਕ- ਭਾਈ ਘੋਲੀਆਂ

**ਚੰਡੀਗੜ੍ਹ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-2 ਨਵੰਬਰ 1984 ਨੂੰ ਗੁੜਗਾਓ ਪਟੌਦੀ ਹਰਿਆਣਾ ਵਿਖੇ ਵਹਿਸੀਆਨਾ ਭੀੜ ਨੇ 297 ਘਰਾਂ ਨੂੰ ਅੱਗ ਲਗਾ ਕੇ ਸਾੜ ਫੂਕ ਦਿੱਤਾ ਸੀ ਅਤੇ 47 ਸਿੱਖਾਂ ਦਾ ਬੁਰੀ ਤਰ੍ਹਾਂ ਜਖਮੀ ਕਰਕੇ ਮਾਰ ਦਿੱਤਾ ਸੀ। ਇਸ ਸਬੰਧੀ ਹੋਦ ਚਿੱਲੜ ਸਿੱਖ ਇਨਸਾਫ ਕਮੇਟੀ ਵੱਲੋਂ ਰਿੱਟ ਨੰਬਰ 10904 ਪੀੜਤ ਸੰਤੋਖ ਸਿੰਘ ਸਾਹਨੀ ਰਾਹੀਂ ਸੀਨੀਅਰ ਵਕੀਲ ਗਗਨਦੀਪ ਸਿੰਘ ਬੱਲ ਰਾਹੀਂ 133 ਪਟੀਸ਼ਨਰਾਂ ਲਗਾਈਆਂ ਗਈਆਂ ਸਨ। ਜਿਸ ਦੀ ਹਾਈਕੋਰਟ ਵਿਖੇ ਜਸਟਿਸ ਵਿਨੋਦ ਕੁਮਾਰ ਭਾਰਦਵਾਜ ਇਕਹਿਰੀ ਬੈਚ ਮੂਹਰੇ ਸੁਣਵਾਈ ਹੋਈ। ਸਿੱਖ ਕਤਲੇਆਮ ਮਾਮਲੇ ਚ ਮਾਣਯੋਗ ਹਾਈਕੋਰਟ ਨੇ ਕੇਂਦਰ ਸਰਕਾਰ ਤੇ ਹਰਿਆਣਾ ਸਰਕਾਰ ਅਤੇ ਡੀਸੀ ਗੁੜਗਾਓਂ ਸਮੇਤ 9 ਧਿਰਾਂ ਨੂੰ ਪਿਛਲੀ ਤਰੀਕ ਤੇ ਕੀਤੇ ਸਨ ਨੋਟਿਸ ਜਾਰੀ। ਇਸ ਸਬੰਧੀ ਸਰਕਾਰੀ ਧਿਰਾਂ ਲੰਮੇ ਸਮੇ ਤੋ ਨੋਟਿਸ ਦਾ ਜਵਾਬ ਦੇਣ ਲਈ ਟਾਲ-ਮਟੋਲ ਦੀ ਨੀਤੀ ਅਪਣਾ ਰਹੀਆਂ ਹਨ ਅਤੇ ਸਰਕਾਰੀ ਧਿਰ ਨੇ ਜਵਾਬ ਦੇਣ ਲਈ ਹੋਰ ਸਮੇ ਦੀ ਮੰਗ ਕੀਤੀ ਅਤੇ ਮਾਨਯੋਗ ਜਸਟਿਸ ਨੇ ਸੁਣਵਾਈ ਦੌਰਾਨ ਕੇਸ ਦੀ ਅਗਲੀ ਪੇਸ਼ੀ 19 ਨਵੰਬਰ 2024 ਪਾ ਦਿੱਤੀ। ਹੋਦ ਚਿੱਲੜ ਸਿੱਖ ਇਨਸਾਫ ਕਮੇਟੀ ਦੇ ਪ੍ਰਧਾਨ ਭਾਈ ਦਰਸ਼ਨ ਸਿੰਘ ਘੋਲੀਆ ਨੇ ਕੇਸ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ 1984 ਸਿੱਖ




ਕਤਲੇਆਮ ਮਾਮਲਾ ਦੁਨੀਆਂ ਦੇ ਇਤਿਹਾਸ ਚ ਇਕਤਰਫਾ ਕਤਲੇਆਮ ਹੈ, ਜੋ ਕਿ ਗਿਣੀ ਮਿਥੀ ਯੋਜਨਾ ਰਾਹੀ ਕੀਤਾ ਗਿਆ। ਉਨ੍ਹਾਂ ਕਿਹਾ ਕਿ ਚਾਰ ਦਹਾਕੇ ਬਾਅਦ ਵੀ ਪੀੜਤ ਪਰਿਵਾਰਾਂ ਨੂੰ ਨਿਆ ਅਤੇ ਇਨਸਾਫ ਨਾ ਮਿਲਣਾ ਭਾਰਤੀ ਲੋਕਤੰਤਰ ਦੇ ਮੱਥੇ ਤੇ ਕਲੰਕ ਹੈ। ਉਨ੍ਹਾਂ ਕਿਹਾ ਕਿ ਪੀੜਤਾਂ ਨੂੰ ਇਨਸਾਫ ਤੇ ਨਿਆਂ ਦਿਵਾਉਣ ਲਈ ਕਾਨੂੰਨੀ ਪ੍ਰਕਿਰਿਆ ਰਾਹੀਂ ਲੰਮੇ ਸਮੇ ਤੋ ਕਰ ਰਹੇ ਸੰਘਰਸ਼ ਨੂੰ ਨਿਰੰਤਰ ਜਾਰੀ ਰੱਖਣਗੇ। ਜਿੰਨਾ ਚਿਰ ਪੀੜਤਾਂ ਨੂੰ ਇਨਸਾਫ ਨਹੀ ਮਿਲ ਜਾਂਦਾ, ਕਿਉਕਿ ਅੱਜ ਵੀ ਪੀੜਤ ਪਰਿਵਾਰ ਗੁਰਬਤ ਭਰੀ ਜਿੰਦਗੀ ਜਿਉਣ ਲਈ ਮਜਬੂਰ ਹਨ, ਕਿਉਕਿ ਨਵੰਬਰ 1984 ਦੇ ਦੁਖਾਂਤ ਨੇ ਸਭ ਕੁਝ ਮਲੀਆਮੇਟ ਕਰਕੇ ਰੱਖ ਦਿੱਤਾ। ਇਸ ਮੌਕੇ ਪੀੜਤ ਗੁਰਜੀਤ ਸਿੰਘ ਪਟੌਦੀ, ਸੁਰਜੀਤ ਸਿੰਘ ਖਾਲਸਾ ਅੰਮ੍ਰਿਤਸਰ, ਗੁਰਦੀਪ ਸਿੰਘ ਕੁਰੱਕਸ਼ੇਤਰ ਅਤੇ ਸ੍ਰੋਮਣੀ ਕਮੇਟੀ ਦੇ ਨੁਮਾਇੰਦੇ ਵੀ ਹਾਜਰ ਸਨ।

## ਪੰਜਾਬੀਆਂ ਨੂੰ ਵੱਡੀ ਰਾਹਤ ! ਹੁਣ ਪਲਾਟਾਂ ਦੀ ਰਜਿਸਟਰੀ ਵੇਲੇ ਨਹੀਂ ਹੋਵੇਗੀ NOC ਦੀ ਲੋੜ, ਸਰਬਸੰਮਤੀ ਨਾਲ ਪਾਸ ਹੋਇਆ ਬਿੱਲ

**ਚੰਡੀਗੜ੍ਹ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਪਾਰਟਮੈਂਟ-ਪ੍ਰਾਪਰਟੀ ਰੈਗੂਲੇਸ਼ਨ ਬਿੱਲ ਵਿਧਾਨ ਸਭਾ ਵਿੱਚ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ। ਇਸ ਮੌਕੇ ਸੀਐੱਮ ਭਗਵੰਤ ਮਾਨ ਨੇ ਕਿਹਾ ਕਿ ਇਸ ਬਿੱਲ ਨਾਲ ਆਮ ਲੋਕਾਂ ਨੂੰ ਫਾਇਦਾ ਹੋਵੇਗਾ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਜੋ ਕਹਿੰਦੇ ਹਾਂ, ਉਹ ਕਰਦੇ ਹਾਂ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸੋਸ਼ਲ ਮੀਡੀਆ ਉੱਤੇ ਬਿੱਲ ਨਾਲ ਤਸਵੀਰ ਸਾਂਝੀ ਕਰਦਿਆਂ ਲਿਖਿਆ, ਅੱਜ ਕਰੋੜਾਂ ਲੋਕਾਂ ਨੂੰ ਵੱਡੀ ਰਾਹਤ ਦਿੰਦਿਆਂ ਪਲਾਟਾਂ ਦੀ ਰਜਿਸਟਰੀ ਵੇਲੇ NOC



ਵਾਲੀ ਸ਼ਰਤ ਨੂੰ ਖ਼ਤਮ ਕਰ ਦਿੱਤਾ...ਨਾਲ ਹੀ ਅੱਗੇ ਤੋਂ ਨਾਜਾਇਜ਼ ਕਾਲੋਨੀਆਂ ਕੱਟਣ ਵਾਲੇ ਮਾਫੀਆ ਖ਼ਿਲਾਫ਼ ਜ਼ੁਰਮਾਨਾ ਤੇ ਸਜ਼ਾ ਨੂੰ ਹੋਰ ਸਖ਼ਤ ਕੀਤਾ ਗਿਆ ਹੈ... ਲੋਕ ਆਪਣੀ ਜ਼ਿੰਦਗੀ ਭਰ ਦੀ ਕਮਾਈ ਤੋਂ ਘਰ ਬਣਾਉਂਦੇ ਨੇ ਪਰ ਕੁੱਝ ਲੋਕ ਗਰੀਬਾਂ ਦੀ ਖ਼ੂਨ ਪਸੀਨੇ ਦੀ ਕਮਾਈ ਨੂੰ ਲੁੱਟਦੇ ਨੇ, ਜੋ ਹੁਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ...ਜੋ ਕਹਿੰਦੇ ਹਾਂ, ਉਹ ਕਰਦੇ ਹਾਂ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਇਸ ਬਿੱਲ ਨਾਲ ਗ਼ੈਰ-ਕਾਨੂੰਨੀ ਕਲੋਨੀਆਂ ਨੂੰ ਰੈਗੂਲਰ ਨਹੀਂ ਕੀਤਾ ਜਾਵੇਗਾ, ਸਗੋਂ ਪਲਾਟ ਹੀ ਰੈਗੂਲਰ ਕੀਤੇ ਜਾਣਗੇ। ਹੁਣ ਸਦਨ ਦੀ ਕਾਰਵਾਈ ਕੱਲ੍ਹ ਤੱਕ ਲਈ ਮੁਲਤਵੀ ਕਰ ਦਿੱਤੀ ਗਈ ਹੈ। ਸੀਐੱਮ ਨੇ ਕਿਹਾ ਕਿ ਮੈਂ ਬੱਚਾ ਨਹੀਂ ਹਾਂ, ਮੇਰੇ ਕੋਲ ਤਿੰਨ ਸਾਲ ਦਾ ਤਜਰਬਾ ਹੈ। ਮੈਂ ਦੇਸ਼ ਦੇ ਪੰਜ ਤਜਰਬੇਕਾਰ ਮੁੱਖ ਮੰਤਰੀਆਂ ਵਿੱਚੋਂ ਇੱਕ ਹਾਂ। ਮੇਰਾ ਨਾਂਅ ਅਰਵਿੰਦ ਕੇਜਰੀਵਾਲ ਤੋਂ ਬਾਅਦ ਆਉਂਦਾ ਹੈ। ਜਾਇਦਾਦ ਸੋਧ ਬਿੱਲ 'ਤੇ ਚਰਚਾ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਸੋਧ ਬਹੁਤ ਵਧੀਆ ਕਦਮ ਹੈ। ਪੰਜਾਬ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਇਸ ਦੇ ਨਾਲ ਹੀ ਪੰਜਾਬ ਦੇ ਸਰਕਾਰੀ ਖ਼ਜ਼ਾਨੇ ਵਿੱਚ ਵੀ ਪੈਸਾ ਆਵੇਗਾ ਕਿਉਂਕਿ ਜਦੋਂ ਪਾਪਰਾ ਐਕਟ 1995 ਬਣਿਆ ਸੀ। ਉਸ ਸਮੇਂ ਕੋਸ਼ਿਸ਼ ਸੀ ਕਿ ਪੰਜਾਬ ਵਿੱਚ ਗ਼ੈਰ-ਕਾਨੂੰਨੀ ਕਾਲੋਨੀਆਂ ਨਾ ਬਣਨ ਪਰ ਪਿਛਲੀਆਂ ਸਰਕਾਰਾਂ ਦੌਰਾਨ ਕਾਲੋਨੀਆਂ ਬਣਦੀਆਂ ਰਹੀਆਂ। ਇਸ ਕਾਰਨ ਆਮ ਲੋਕਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਕੁਝ ਵੱਡੇ ਲੋਕ ਫਾਇਦਾ ਉਠਾਉਂਦੇ ਹਨ।

# ਕਰਜ਼ੇ ਦੇ ਜਾਲ 'ਚ ਉਲਝ ਰਹੇ ਭਾਰਤੀ! ਰਿਜ਼ਰਵ ਬੈਂਕ ਦੇ ਅੰਕੜੇ ਕਰ ਦੇਣਗੇ ਹੈਰਾਨ



**ਨਵੀਂ ਦਿੱਲੀ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਤੇਜ਼ੀ ਨਾਲ ਕਰਜ਼ਾਈ ਹੋ ਰਹੇ ਹਨ। ਇਹ ਵੀ ਅਹਿਮ ਹੈ ਕਿ ਭਾਰਤੀ ਹੋਮ ਲੋਨ ਜਾਂ ਕਾਰ ਲੋਨ ਦੀ ਥਾ ਪਰਸਨਲ ਲੋਨ ਤੇਜ਼ੀ ਨਾਲ ਲੈ ਰਹੇ ਹਨ। ਇਸ ਲਈ ਬੈਂਕਾਂ ਤੇ ਵਿੱਤੀ ਸੰਸਥਾਵਾਂ ਤੋਂ ਆਸਾਨੀ ਨਾਲ ਮਿਲਣ ਵਾਲੇ ਨਿੱਜੀ ਕਰਜ਼ਿਆਂ ਵਿੱਚ ਭਾਰੀ ਵਾਧਾ ਹੋਇਆ ਹੈ। ਸਾਲਾਨਾ ਆਧਾਰ 'ਤੇ ਜੁਲਾਈ ਦੇ ਅੰਤ ਤੱਕ ਇਹ 14.4 ਫੀਸਦੀ ਵਧ ਕੇ 55.3 ਲੱਖ ਕਰੋੜ ਰੁਪਏ ਹੋ ਗਿਆ ਹੈ। ਭਾਰਤੀ ਰਿਜ਼ਰਵ ਬੈਂਕ (ਆਰਬੀਆਈ) ਦੇ ਅੰਕੜਿਆਂ ਅਨੁਸਾਰ, ਗੈਰ-ਖੁਰਾਕ ਕਰਜ਼ਿਆਂ ਵਿੱਚ ਨਿੱਜੀ ਕਰਜ਼ਿਆਂ ਦੀ ਸਭ ਤੋਂ ਵੱਧ ਹਿੱਸੇਦਾਰੀ 32.9 ਪ੍ਰਤੀਸ਼ਤ ਹੈ। ਇਸ ਤੋਂ ਬਾਅਦ ਸੇਵਾਵਾਂ ਦਾ ਹਿਸਾ 27.4 ਫੀਸਦੀ, ਉਦਯੋਗ 22.2 ਫੀਸਦੀ ਤੇ ਖੇਤੀਬਾੜੀ ਤੇ ਸਬੰਧਤ ਗਤੀਵਿਧੀਆਂ ਦਾ ਹਿੱਸਾ 12.8 ਫੀਸਦੀ ਹੈ। ਰਿਪੋਰਟ ਮੁਤਾਬਕ ਜੁਲਾਈ ਦੇ ਅੰਤ ਤੱਕ ਕ੍ਰੈਡਿਟ ਕਾਰਡ ਬਕਾਇਆ ਸਭ ਤੋਂ ਤੇਜ਼ੀ ਨਾਲ ਵਧਿਆ ਹੈ। ਹਾਲਾਂਕਿ ਬੈਂਕਾਂ ਦੇ ਕੁੱਲ ਕਰਜ਼ 'ਚ ਇਸ ਦੀ ਹਿੱਸੇਦਾਰੀ ਸਿਰਫ ਇੱਕ ਫੀਸਦੀ ਹੈ। ਇਹ ਸਾਲਾਨਾ ਆਧਾਰ 'ਤੇ 22 ਫੀਸਦੀ ਦੇ ਵਾਧੇ ਨਾਲ 2.8 ਲੱਖ ਕਰੋੜ ਰੁਪਏ ਨੂੰ ਪਾਰ ਕਰ ਗਿਆ ਹੈ। ਇਸੇ ਤਰ੍ਹਾਂ ਸੋਨੇ ਦੇ ਗਹਿਣਿਆਂ 'ਤੇ ਲਏ ਗਏ ਕਰਜ਼ੇ 'ਚ 39 ਫੀਸਦੀ ਦਾ ਭਾਰੀ ਵਾਧਾ ਹੋਇਆ ਹੈ। ਹਾਲਾਂਕਿ, ਕੁੱਲ ਨਿੱਜੀ ਕਰਜ਼ਿਆਂ ਵਿੱਚ ਇਸ ਦਾ ਹਿੱਸਾ ਸਿਰਫ 0.8 ਪ੍ਰਤੀਸ਼ਤ ਹੈ। ਇਹ ਦਰਸਾਉਂਦਾ ਹੈ ਕਿ ਲੋਕ ਘੰਟਿਆਂ ਵਿੱਚ ਉਪਲਬਧ ਕਰਜ਼ੇ ਦਾ ਵੱਧ ਤੋਂ ਵੱਧ ਲਾਭ ਉਠਾ ਰਹੇ ਹਨ। ਅਸਲ ਵਿੱਚ, ਸੋਨੇ ਦੇ ਵਿਰੁੱਧ ਕਰਜ਼ਾ ਤੁਰੰਤ ਉਪਲਬਧ ਹੁੰਦਾ ਹੈ ਤੇ ਇਸ ਦਾ ਵਿਆਜ ਇੱਕ ਨਿੱਜੀ ਕਰਜ਼ੇ ਦੇ ਬਰਾਬਰ ਹੁੰਦਾ ਹੈ। ਰਿਪੋਰਟ ਮੁਤਾਬਕ ਕਮਜ਼ੋਰ ਵਿਕਾਸ ਦਰ ਦੇ ਬਾਵਜੂਦ ਖੇਤੀ ਤੇ ਇਸ ਨਾਲ ਸਬੰਧਤ ਗਤੀਵਿਧੀਆਂ ਲਈ ਦਿੱਤੇ ਜਾਣ ਵਾਲੇ ਕਰਜ਼ਿਆਂ ਵਿੱਚ 18.1 ਫੀਸਦੀ ਦਾ ਵਾਧਾ ਹੋਇਆ ਹੈ। ਕੁੱਲ ਕਰਜ਼ਾ 21.6 ਲੱਖ ਕਰੋੜ ਰੁਪਏ ਤੱਕ ਪਹੁੰਚ ਗਿਆ ਹੈ। ਉਦਯੋਗਾਂ ਨੂੰ ਦਿੱਤੇ ਜਾਣ ਵਾਲੇ ਕਰਜ਼ਿਆਂ ਵਿੱਚ 13.7 ਫੀਸਦੀ ਦਾ ਵਾਧਾ ਹੋਇਆ ਹੈ। ਅੰਕੜੇ ਦੱਸਦੇ ਹਨ ਕਿ ਹੋਮ ਲੋਨ ਦੀ ਮੰਗ ਸਭ ਤੋਂ ਘੱਟ ਹੈ। ਇਸ ਦੌਰਾਨ ਇਸ ਦੀ ਰਫਤਾਰ ਸਿਰਫ 12.8 ਫੀਸਦੀ ਦੀ ਦਰ ਨਾਲ ਵਧੀ ਹੈ। ਕੁੱਲ ਹੋਮ ਲੋਨ ਦਾ ਆਕਾਰ ਹੁਣ 28 ਲੱਖ ਕਰੋੜ ਰੁਪਏ ਨੂੰ ਪਾਰ ਕਰ ਗਿਆ ਹੈ। ਸਾਰੇ ਅੰਕੜੇ ਦੱਸਦੇ ਹਨ ਕਿ ਹਾਲ ਹੀ ਦੇ ਸਮੇਂ ਵਿੱਚ ਚੋਟੀ ਦੇ 8 ਸ਼ਹਿਰਾਂ ਵਿੱਚ ਘਰਾਂ ਦੀਆਂ ਕੀਮਤਾਂ ਵਿੱਚ ਜ਼ਬਰਦਸਤ ਵਾਧਾ ਹੋਇਆ ਹੈ। ਹਾਲਾਂਕਿ ਵਿਕਰੀ ਵੀ ਕਾਫੀ ਚੰਗੀ ਰਹੀ ਹੈ। ਇਸ ਦੇ ਬਾਵਜੂਦ ਹੋਮ ਲੋਨ ਦੀ ਮੰਗ ਦੀ ਦਰ ਘੱਟ ਰਹੀ ਹੈ।

## ਸ਼੍ਰੋਮਣੀ ਕਮੇਟੀ ਵਫ਼ਦ ਨੇ ਰਾਜਪਾਲ ਪੰਜਾਬ ਨੂੰ ਆਉਣ ਵਾਲੇ

# ਸ਼ਤਾਬਦੀ ਸਮਾਗਮਾਂ ਲਈ ਦਿੱਤਾ ਸੱਦਾ ਪੱਤਰ



**ਚੰਡੀਗੜ੍ਹ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਸਿੱਖ ਸੰਸਥਾ ਦੇ ਵਫ਼ਦ ਨੇ ਅੱਜ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨਾਲ ਚੰਡੀਗੜ੍ਹ ਵਿਖੇ ਮੁਲਾਕਾਤ ਕਰਕੇ ਉਨ੍ਹਾਂ ਨੂੰ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਦੀ ਦੇ ਜੋਤੀ ਜੋਤਿ ਦਿਵਸ ਦੇ 450 ਸਾਲਾ ਸ਼ਤਾਬਦੀ ਸਮਾਗਮਾਂ ਵਿੱਚ ਸ਼ਮੂਲੀਅਤ ਕਰਨ ਲਈ ਸੱਦਾ ਪੱਤਰ ਦਿੱਤਾ। ਇਹ ਸ਼ਤਾਬਦੀ ਸ਼੍ਰੋਮਣੀ ਕਮੇਟੀ ਵੱਲੋਂ 13 ਤੋਂ 18 ਸਤੰਬਰ ਤੱਕ ਮਨਾਈ ਜਾਣੀ ਹੈ, ਜਿਸ ਦਾ ਮੁੱਖ ਸਮਾਗਮ 18 ਸਤੰਬਰ ਨੂੰ ਤਰਨ ਤਾਰਨ ਜ਼ਿਲ੍ਹੇ ਵਿੱਚ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਹੋਵੇਗਾ। ਅੱਜ ਪੰਜਾਬ ਦੇ ਰਾਜਪਾਲ ਨੂੰ ਇਸ ਸਬੰਧ ਵਿੱਚ ਰਸਮੀ ਤੌਰ ਉੱਤੇ ਸੱਦਾ ਪੱਤਰ ਦੇ ਕੇ ਸ਼ਤਾਬਦੀ ਸਮਾਗਮਾਂ ਵਿੱਚ ਸ਼ਮੂਲੀਅਤ ਕਰਨ ਲਈ ਕਿਹਾ ਗਿਆ ਹੈ।

ਮੁਲਾਕਾਤ ਉਪਰੰਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼ਤਾਬਦੀ ਦੇ ਇਤਿਹਾਸਕ ਮੌਕੇ 'ਤੇ ਗੁਰੂ ਸਾਹਿਬਾਨ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਵਾਸਤੇ ਵੱਖ-ਵੱਖ ਸ਼ਖ਼ਸੀਅਤਾਂ ਨੂੰ ਸੱਦਾ ਪੱਤਰ ਦਿੱਤੇ ਜਾ ਰਹੇ ਹਨ ਜਿਸ ਤਹਿਤ ਅੱਜ ਪੰਜਾਬ ਦੇ ਰਾਜਪਾਲ ਨਾਲ ਵੀ ਮੁਲਾਕਾਤ ਕੀਤੀ ਗਈ ਹੈ। ਉਨ੍ਹਾਂ ਆਖਿਆ ਕਿ ਇਹ ਸਾਡੇ ਸਮਿਆਂ ਦਾ ਇਤਿਹਾਸਕ ਮੌਕਾ ਹੈ ਜਦੋਂ ਦੋ ਗੁਰੂ ਸਾਹਿਬਾਨ ਨਾਲ ਸਬੰਧਤ ਸ਼ਤਾਬਦੀ ਦਿਹਾੜੇ ਮਨਾਏ ਜਾ ਰਹੇ ਹਨ। ਇਸ ਵਿੱਚ ਸ਼ਮੂਲੀਅਤ ਕਰਨਾ ਸੁਭਾਗੀ ਗੱਲ ਹੈ। ਉਨ੍ਹਾਂ ਕਿਹਾ ਕਿ ਰਾਜਪਾਲ ਪੰਜਾਬ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਸੱਦਾ ਪੱਤਰ ਪ੍ਰਾਪਤ ਕਰਦਿਆਂ ਸਮਾਗਮਾਂ ਵਿੱਚ ਹਾਜ਼ਰ ਹੋਣ ਦਾ ਭਰੋਸਾ ਦਿੱਤਾ ਹੈ। ਰਾਜਪਾਲ ਪੰਜਾਬ ਨਾਲ ਮੁਲਾਕਾਤ ਕਰਨ ਮੌਕੇ ਸ਼੍ਰੋਮਣੀ ਕਮੇਟੀ ਦੇ ਵਫ਼ਦ ਵਿੱਚ ਐਡਵੋਕੇਟ ਧਾਮੀ ਦੇ ਨਾਲ ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ, ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਅਲਵਿੰਦਰਪਾਲ ਸਿੰਘ ਪੱਖੋਕੇ ਅਤੇ ਸ. ਸੁਰਜੀਤ ਸਿੰਘ ਭਿੱਟੇਵੱਡ ਸ਼ਾਮਲ ਸਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਲਖਵੀਰ ਸਿੰਘ ਵੀ ਹਾਜ਼ਰ ਸਨ।


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446



ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**

# HAYES PLANT HIRE

WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All CATEGORIES OF MACHINERY.


Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

**CONTACT- 07831543004**

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

**07715128621**




### ਪਿੰਡ ਤਾਰਾਗੜ੍ਹ ਵਿਖੇ ਕਬੱਡੀ ਦੀ ਸਿਖਲਾਈ ਲੈ ਰਹੇ ਬੱਚਿਆਂ ਨੂੰ

# ਐਨ ਆਰ ਆਈ ਵੀਰਾਂ ਵੱਲੋਂ ਦੇਸੀ ਘਿਓ ਤੇ ਬਦਾਮ ਦੀਆਂ ਗਿਰੀਆਂ ਵੰਡੀਆਂ ਗਈਆਂ



**ਜੰਡਿਆਲਾ ਗੁਰੂ, 3 ਸਤੰਬਰ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਵਿੱਚ ਚੱਲ ਰਹੇ ਸਮੇਂ ਚ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿੱਚ ਬੁਰੀ ਤਰ੍ਹਾਂ ਫਸ ਚੁੱਕੀ ਹੈ ਅਤੇ ਨਵੀਂ ਪੀੜ੍ਹੀ ਨੂੰ ਬਚਾਉਣ ਲਈ ਖੇਡਾਂ ਵੱਲ ਪ੍ਰੇਰਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ ਜਿਸ ਦੇ ਚੱਲਦਿਆਂ ਬੀਤੇ ਦਿਨ ਜੰਡਿਆਲਾ ਗੁਰੂ ਤੋਂ ਥੋੜੀ ਦੂਰੀ ਤੇ ਪੈਂਦੇ ਪਿੰਡ ਤਾਰਾਗੜ੍ਹ ਵਿਖੇ ਕੋਚ ਕਬੱਡੀ ਪਲੇਅਰ ਮੰਗਲ ਸਿੰਘ ਵੱਲੋਂ ਵਿਸ਼ੇਸ਼ ਉਪਰਾਲਾ ਕਰਕੇ ਹਰ ਰੋਜ਼ ਪਿੰਡ ਦੇ ਛੋਟੇ ਬੱਚਿਆਂ ਨੂੰ ਕਬੱਡੀ ਦੀ ਸਿਖਲਾਈ ਦਿੱਤੀ ਜਾਂਦੀ ਹੈ ਅਤੇ ਪਿੰਡ ਤੋਂ ਬਾਹਰ ਹੁੰਦੇ ਟੂਰਨਾਮੈਂਟਾਂ ਵਿੱਚ ਵੀ ਬੱਚਿਆਂ ਨੂੰ ਕਬੱਡੀ ਖੇਡਣ ਲਈ ਲਿਜਾਇਆ ਜਾਂਦਾ ਹੈ ਜਿਸ ਉਪਰਾਲੇ ਨੂੰ ਵੇਖਦਿਆਂ ਹੋਇਆਂ ਪਿੰਡ ਤਾਰਾਗੜ੍ਹ ਦੇ ਜੰਮਪਲ ਐਨ ਆਰ ਆਈ ਗੁਰਪ੍ਰੀਤ ਸਿੰਘ ਕਨੇਡਾ, ਧਾਰੜ ਪਿੰਡ ਦੇ ਜੰਮਪਲ ਰਜਿੰਦਰ ਸਿੰਘ ਰਾਜੂ, ਅੰਮ੍ਰਿਤਪਾਲ ਸਿੰਘ ਵੱਲੋਂ ਇਸ ਉਪਰਾਲੇ ਨੂੰ ਵੇਖਦਿਆਂ ਹੋਇਆਂ ਬੱਚਿਆਂ ਨੂੰ ਉਤਸ਼ਾਹਿਤ ਕਰਨ ਲਈ ਖੁਰਾਕ ਲਈ ਭੇਜੀ ਗਈ ਮਾਇਆ ਦੇ ਨਾਲ ਬੱਚਿਆਂ ਨੂੰ ਦੇਸੀ ਘਿਓ ਤੇ ਬਦਾਮ ਦੀਆਂ ਗਿਰੀਆਂ ਵੰਡੀਆਂ ਗਈਆਂ ਇਸ ਮੌਕੇ ਬੱਚਿਆਂ ਵਿੱਚ ਖੁਸ਼ੀ ਦੀ ਲਹਿਰ ਵੇਖਣ ਨੂੰ ਮਿਲੀ ਇਸ ਮੌਕੇ ਮੰਗਲ ਸਿੰਘ ਨੇ ਕਿਹਾ ਕਿ ਇਹ ਬੱਚੇ ਗਰੀਬ ਘਰਾਂ ਨਾਲ ਸਬੰਧ ਰੱਖਦੇ ਹਨ ਅਤੇ ਇਹ ਬੱਚੇ ਆਪਣੇ ਕੋਲੋਂ ਐਸੀ ਤਾਕਤ ਵਾਲੀ ਵਸਤੂ ਨਹੀਂ ਖਾ ਸਕਦੇ ਅੱਗੇ ਮੰਗਲ ਸਿੰਘ ਨੇ ਕਿਹਾ ਕਿ ਪਹਿਲਾਂ ਵੀ ਗੁਰਪ੍ਰੀਤ ਸਿੰਘ ਵੱਲੋਂ ਬੱਚਿਆਂ ਨੂੰ ਟੀ ਸ਼ਰਟਾਂ ਨਿਕਰਾਂ ਵੰਡੀਆਂ ਗਈਆਂ ਸਨ ਅਤੇ ਹੁਣ ਇਨ੍ਹਾਂ ਵੀਰਾਂ ਵੱਲੋਂ ਬੱਚਿਆਂ ਲਈ ਖੁਰਾਕ ਭੇਜੀ ਗਈ ਹੈ ਮੈਂ ਵਿਦੇਸ਼ ਬੈਠੇ ਵੀਰਾਂ ਦਾ ਧੰਨਵਾਦ ਕਰਦਾ ਹਾਂ ਅਤੇ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਕਰਦਾ ਹਾਂ ਕਿ ਵਾਹਿਗੁਰੂ ਜੀ ਇਨ੍ਹਾਂ ਨੂੰ ਸਦਾ ਚੜ੍ਹਦੀ ਕਲ੍ਹਾ ਵਿੱਚ ਰੱਖਣ ਇਸ ਮੌਕੇ ਹਰਜਿੰਦਰ ਸਿੰਘ ਬਾਊ, ਸੁਖਰਾਜ ਸਿੰਘ ਰਾਜੂ,ਪਿੰਡ ਧਾਰੜ ਤੋਂ ਡਾਕਟਰ ਅਮਨਦੀਪ ਸਿੰਘ ਅਮਨ, ਸ੍ਰ ਅਨੋਖ ਸਿੰਘ, ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# 12 ਸਤੰਬਰ ਨੂੰ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦ ਵਿੱਚ ਮਨਾਇਆ ਜਾਵੇਗਾ ਰਾਜ ਪੱਧਰੀ ਸਮਾਗਮ-ਧੀਮਾਨ

## ਡੀ.ਸੀ. ਨੇ ਸਮੂਹ ਵਿਭਾਗਾਂ ਨੂੰ ਆਪਣੀ ਡਿਊਟੀ ਪੂਰੀ ਤਨਦੇਹੀ ਤੇ ਜ਼ਿੰਮੇਵਾਰੀ ਨਾਲ ਨਿਭਾਉਣ ਲਈ ਦਿੱਤੇ ਨਿਰਦੇਸ਼




**ਫ਼ਿਰੋਜ਼ਪੁਰ, 3 ਸਤੰਬਰ (ਸੁਖਮੰਦਰ ਸਿੰਘ ਸ਼ਾਤ)**-ਇਤਿਹਾਸਕ ਗੁਰਦੁਆਰਾ ਸਾਰਾਗੜ੍ਹੀ ਫ਼ਿਰੋਜ਼ਪੁਰ ਛਾਉਣੀ ਵਿਖੇ 12 ਸਤੰਬਰ 2024 ਨੂੰ ਮਨਾਏ ਜਾਣ ਵਾਲੇ ਸਾਰਾਗੜ੍ਹੀ ਸਮਾਗਮ ਦੀਆਂ ਤਿਆਰੀਆਂ ਸਬੰਧੀ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਵੱਲੋਂ ਫੌਜ, ਪੁਲਿਸ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਇਸ ਸਮਾਗਮ ਨੂੰ ਰਾਜ ਪੱਧਰ 'ਤੇ ਮਨਾਇਆ ਜਾਵੇਗਾ। ਇਸ ਦੌਰਾਨ ਉਨ੍ਹਾਂ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕਰਦੇ ਹੋਏ ਕੀਤੇ ਜਾਣ ਵਾਲੇ ਕੰਮਾਂ ਸਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਐਸ.ਡੀ.ਐਮ. ਫ਼ਿਰੋਜ਼ਪੁਰ ਸ੍ਰੀ ਹਰਕੰਵਲਜੀਤ ਸਿੰਘ ਤੇ ਸਹਾਇਕ ਕਮਿਸ਼ਨਰ ਸ੍ਰੀ ਸੂਰਜ ਵੀ ਹਾਜ਼ਰ ਸਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਰਾਗੜ੍ਹੀ ਦਿਵਸ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਾਰਾਗੜ੍ਹੀ ਜੰਗ ਦੇ ਸ਼ਹੀਦਾਂ ਨੂੰ ਸਮਰਪਿਤ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿਚ ਭਾਰਤੀ ਫ਼ੌਜ ਦੇ ਅਧਿਕਾਰੀਆਂ, ਸਿਵਲ ਅਤੇ ਪੁਲੀਸ ਅਧਿਕਾਰੀਆਂ, ਸ਼ਹੀਦਾਂ ਦੇ ਪਰਿਵਾਰਿਕ ਮੈਂਬਰਾਂ ਸਮੇਤ ਵੱਡੀ ਗਿਣਤੀ ਵਿਚ ਸ਼ਰਧਾਲੂ ਸਾਰਾਗੜ੍ਹੀ ਦੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। ਉਨ੍ਹਾਂ ਦੱਸਿਆ ਕਿ ਸ੍ਰੀ ਆਖੰਡ ਪਾਠ ਸਾਹਿਬ ਦਾ ਆਰੰਭ 10 ਸਤੰਬਰ ਨੂੰ ਹੋਵੇਗਾ ਅਤੇ 12 ਸਤੰਬਰ ਨੂੰ ਭੋਗ ਪਾਏ ਜਾਣਗੇ। ਇਸ ਮੌਕੇ ਉਨ੍ਹਾਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਪਾਣੀ, ਸਾਫ-ਸਫਾਈ, ਗੁਰਦੁਆਰਾ ਸਾਹਿਬ ਦੀ ਇਮਾਰਤ ਦੀ ਸਫੇਦੀ, ਪੇਂਟ ਤੇ ਮੁਰੰਮਤ, ਪਾਣੀ ਦਾ ਛਿੜਕਾਅ, ਅਸਥਾਈ ਪਖਾਨਿਆਂ ਦਾ ਪ੍ਰਬੰਧ, ਮੈਡੀਕਲ ਸਹੂਲਤਾਂ, ਲੰਗਰ ਦਾ ਪ੍ਰਬੰਧ, ਟ੍ਰੈਫਿਕ ਕੰਟਰੋਲ ਅਤੇ ਬਿਜਲੀ ਸਪਲਾਈ ਆਦਿ ਪ੍ਰਬੰਧਾਂ ਨੂੰ ਯਕੀਨੀ ਬਣਾਉਣ। ਉਨ੍ਹਾਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਜ਼ਿੰਮੇਵਾਰੀ ਨਾਲ ਨਿਭਾਉਣ ਦੀ ਹਦਾਇਤ ਕੀਤੀ। ਇਸ ਮੌਕੇ ਸਕੱਤਰ ਰੈੱਡ ਕਰਾਸ ਅਸ਼ੋਕ ਬਹਿਲ, ਡੀ.ਐਸ.ਪੀ. ਸੁਖਵਿੰਦਰ ਸਿੰਘ, ਗਰੁੱਪ ਕੈਪਟਨ ਦਵਿੰਦਰ ਸਿੰਘ ਢਿੱਲੋਂ, ਸੁਪਰਡੰਟ ਜ਼ਿਲ੍ਹਾ ਰੱਖਿਆ ਸੇਵਾਵਾਂ ਅਮਰੀਕ ਸਿੰਘ, ਬਾਬਾ ਬਲੰਬਰ

ਆਵਾਜ਼ਿ ਕੌਮ AWAZE QAUM International Newspaper & WEB TV

### ਪੜ੍ਹੋ, ਕਮਾਓ ਤੇ ਸਮਾਜ ਸੇਵਾ ਲਈ ਜਾਓ ਦੇ ਖੂਬਸੂਰਤ ਫਲਸਫ਼ੇ ਨਾਲ

# ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਓਰੀਅਨਟੇਸ਼ਨ ਪ੍ਰੋਗਰਾਮ "ਦੀਕਸ਼ਾਰੰਭ" ਆਯੋਜਿਤ



**ਤਲਵੰਡੀ ਸਾਬੋ, 03 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਪਹਿਲੇ ਸੈਸ਼ਨ ਦੇ ਵਿਦਿਆਰਥੀਆਂ ਨੂੰ ਪ੍ਰਬੰਧਨ, ਪ੍ਰੀਖਿਆਵਾਂ, ਅਕਾਦਮਿਕ ਨਿਯਮਾਂ, ਸਹੂਲਤਾਂ, ਹੋਸਟਲ ਅਤੇ ਵਰਸਿਟੀ ਵੱਲੋਂ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਸੰਬੰਧਿਤ ਪ੍ਰਕਿਰਿਆਵਾਂ ਨਾਲ ਰਾਬਤਾ ਕਰਵਾਉਣ ਦੇ ਮੰਤਵ ਲਈ ਜੀ.ਕੇ.ਯੂ. ਦੇ ਆਡੀਟੋਰੀਅਮ ਵਿਖੇ ਮੁੱਖ ਮਹਿਮਾਨ ਪ੍ਰੋ.(ਡਾ.) ਐਸ.ਕੇ.ਬਾਵਾ ਵੱਲੋਂ ਓਰੀਅਨਟੇਸ਼ਨ ਪ੍ਰੋਗਰਾਮ "ਦੀਕਸ਼ਾਰੰਭ" ਸਮਾਰੋਹ ਦੇ ਦੂਜੇ ਪੜਾਅ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਡਾ. ਬਾਵਾ ਨੇ ਵਿਦਿਆਰਥੀਆਂ ਨੂੰ ਵਰਸਿਟੀ ਵੱਲੋਂ ਲਾਗੂ ਕੀਤੀ ਗਈ ਸਿੱਖਿਆ ਨੀਤੀ 2020 ਅਨੁਸਾਰ ਸ਼ੁਰੂ ਕੀਤੇ ਗਏ ਕੋਰਸਾਂ ਸੰਬੰਧੀ ਦੱਸਿਆ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਟੀਚੇ ਹੋਰ ਉੱਚੇ ਕਰਨ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਉਹ ਜੀ.ਕੇ.ਯੂ. ਵਿਖੇ ਪੜ੍ਹੋ, ਕਮਾਓ ਅਤੇ ਉੱਤਮ ਸਮਾਜ ਦੇ ਨਿਰਮਾਣ ਵਿੱਚ ਜੁੱਟ ਜਾਓ ਦੇ ਫਲਸਫ਼ੇ ਨੂੰ ਜ਼ਿੰਦਗੀ ਵਿੱਚ ਲਾਗੂ ਕਰਨ ਲਈ ਕਿਹਾ। ਉਨ੍ਹਾਂ ਵਰਸਿਟੀ ਦੀਆਂ ਪ੍ਰਾਪਤੀਆਂ ਵਿਸ਼ੇਸ਼ ਤੌਰ 'ਤੇ ਡਾਇਰੈਕਟੋਰੇਟ ਆਫ਼ ਸਪੋਰਟਸ ਵੱਲੋਂ ਅੰਤਰ ਰਾਸ਼ਟਰੀ ਅਤੇ ਰਾਸ਼ਟਰੀ ਪੱਧਰ ਤੇ ਮਾਰੀਆਂ ਮੱਲ੍ਹਾਂ ਦਾ ਜ਼ਿਕਰ ਕਰਦਿਆਂ ਨਵੇਂ ਵਿਦਿਆਰਥੀਆਂ ਨੂੰ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਕਿਹਾ। ਡਾ. ਪੀਯੂਸ਼ ਵਰਮਾ, ਰਜਿਸਟਰਾਰ ਨੇ ਆਪਣੇ ਸਵਾਗਤੀ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਇਮਾਨਦਾਰੀ ਤੇ ਮਿਹਨਤ ਨਾਲ ਸਿੱਖਿਆ ਪ੍ਰਾਪਤ ਕਰਨ ਦਾ ਮਸ਼ਵਰਾ ਦਿੱਤਾ। ਉਨ੍ਹਾਂ ਕਿਹਾ ਕਿ ਜ਼ਿੰਦਗੀ ਵਿੱਚ ਮੁਸ਼ਕਿਲਾਂ ਤੇ ਰੁਕਾਵਟਾਂ ਆਉਂਦੀਆਂ ਰਹਿੰਦੀਆਂ ਨੇ ਪਰ ਸਾਨੂੰ ਆਪਣਾ ਮਨੋਬਲ ਉੱਚਾ ਰੱਖਣਾ ਹੋਵੇਗਾ। ਐਸੋਸਿਏਟ ਡੀਨ ਅਕਾਦਮਿਕ ਡਾ. ਪ੍ਰਦੀਪ ਕੌੜਾ ਨੇ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ, ਦਾਖਲੇ, ਫੀਸਾਂ, ਹੋਸਟਲ ਆਦਿ ਦੇ ਕਾਰਜਾਂ ਲਈ ਸੰਬੰਧਿਤ ਪ੍ਰਕਿਰਿਆਵਾਂ ਦੀ ਪੀ.ਪੀ.ਟੀ. ਰਾਹੀਂ ਪ੍ਰੈਜ਼ੈਂਟੇਸ਼ਨ ਦਿੱਤੀ। ਇਸ ਮੌਕੇ ਡਾਇਰੈਕਟਰ ਵਿਦਿਆਰਥੀ ਭਲਾਈ, ਡਿਪਟੀ ਡਾਇਰੈਕਟਰ ਆਈ.ਟੀ., ਡਾਇਰੈਕਟੋਰੇਟ ਆਫ਼ ਸਪੋਰਟਸ, ਫੈਕਲਟੀ ਆਫ਼ ਐਗਰੀਕਲਚਰ, ਫੈਕਲਟੀ ਆਫ਼ ਐਜੂਕੇਸ਼ਨ, ਫੈਕਲਟੀ ਆਫ਼ ਹੈਲਥ ਐਂਡ ਅਲਾਇਡ ਸਾਇੰਸਜ਼, ਫੈਕਲਟੀ ਆਫ਼ ਲਾਅ, ਫੈਕਲਟੀ ਆਫ਼ ਮੈਨੇਜ਼ਮੈਂਟ ਐਂਡ ਕਾਮਰਸ, ਫੈਕਲਟੀ ਆਫ਼ ਫਾਰਮਾਸਿਊਟੀਕਲ ਅਤੇ ਫੈਕਲਟੀ ਆਫ਼ ਵਿਜ਼ੂਅਲ ਐਂਡ ਪਰਫੋਰਮਿੰਗ ਆਰਟਸ ਦੇ ਡੀਨ ਸਾਹਿਬਾਨ ਵੱਲੋਂ ਸੰਬੰਧਿਤ ਫੈਕਲਟੀ ਵਿੱਚ ਚਲਾਏ ਜਾ ਰਹੇ ਕੋਰਸਾਂ ਅਤੇ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਸਮਾਰੋਹ ਦਾ ਸੰਚਾਲਨ ਲਵਲੀਨ ਸੱਚਦੇਵਾ, ਡਿਪਟੀ ਡਾਇਰੈਕਟਰ ਲੋਕ ਸੰਪਰਕ ਅਤੇ ਮੈਡਮ ਪੀਆਸ਼ਾ ਮੁਖਰਜੀ ਵੱਲੋਂ ਬਾਖੂਬੀ ਕੀਤਾ ਗਿਆ।

### ਸਿੱਖ ਰੋਡਮੈਪ 2030 ਦੇ ਸੁਪਨੇ ਨੂੰ ਸਾਕਾਰ ਕਰਨ ਲਈ ਸਿੱਖ ਬੁੱਧੀਜੀਵਿਆਂ ਵਲੋਂ ਹੋਈ ਗੰਭੀਰਤਾ ਨਾਲ ਚਰਚਾ

# ਸਿੱਖ ਮੁੱਦਿਆਂ ਦੇ ਨਾਲ ਸਿੱਖ ਏਕਤਾ ਅਤੇ ਭਾਈਚਾਰਕ ਵਿਕਾਸ ਨੂੰ ਅੱਗੇ ਵਧਾਉਣ ਲਈ ਮੰਚ



ਨਵੀਂ ਦਿੱਲੀ, 3 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਵੱਖ ਵੱਖ ਖੇਤਰਾਂ ਨਾਲ ਜੁੜੇ ਦਿੱਲੀ ਦੇ ਚੋਣਵੇਂ ਸਿੱਖ ਬੁੱਧੀਜੀਵਿਆਂ ਵੱਲੋਂ ਇੱਕ ਵਿਸ਼ੇਸ਼ ਬੈਠਕ ਵਿਚ ਯੂਨੀਫਾਈਡ ਸਿੱਖ ਰੋਡ ਮੈਪ-2030 ਬਾਰੇ ਗੰਭੀਰਤਾ ਨਾਲ ਚਰਚਾ ਕੀਤੀ ਗਈ। ਦਿੱਲੀ ਦੇ ਆਈ.ਟੀ.ਓ. ਵਿਖੇ ਸਥਿਤ ਅਣੁਵਰਤਾ ਭਵਨ ਦੇ ਹਾਲ ਵਿਚ ਕੀਤੀ ਗਈ ਇਸ ਬੈਠਕ ਨੇ ਸਿੱਖ ਏਕਤਾ ਅਤੇ ਭਾਈਚਾਰਕ ਵਿਕਾਸ ਨੂੰ ਅੱਗੇ ਵਧਾਉਣ ਲਈ ਇੱਕ ਵਿਆਪਕ ਯੋਜਨਾ ਦੀ ਨੀਂਹ ਰੱਖੀ। ਬੈਠਕ ਦੌਰਾਨ ਸਾਰੇ ਬੁਲਾਰਿਆਂ ਨੇ ਵੱਖ ਵੱਖ ਸਿੱਖ ਮੁੱਦਿਆਂ ਅਤੇ ਸਿੱਖ ਰੋਡ ਮੈਪ-2030 ਦੇ ਟੀਚੇ ਬਾਰੇ ਚਰਚਾ ਕੀਤੀ। ਜਿਸ ਵਿਚ ਸਿੱਖ ਐਜੂਕੇਸ਼ਨ ਨੂੰ ਉੱਚਾ ਚੁੱਕਣ ਦੇ ਨਾਲ ਨਾਲ ਇੱਕ ਅਜਿਹੇ ਪਾਠਕ੍ਰਮ 'ਤੇ ਜੋਰ ਦਿੱਤਾ ਗਿਆ ਜੋ ਅਕਾਦਮਿਕ ਉੱਤਮਤਾ ਨੂੰ ਮੂਲ ਸਿੱਖ ਕਦਰਾਂ-ਕੀਮਤਾਂ ਨਾਲ ਜੋੜਦਾ ਹੈ। ਬੈਠਕ ਦੌਰਾਨ ਯਹੂਦੀ, ਜੈਨ ਅਤੇ ਹੋਰਨਾ ਭਾਈਚਾਰਿਆਂ ਦੇ ਚੰਗੇ ਤਜਰਬਿਆਂ ਤੋਂ ਸਿੱਖਣ ਅਤੇ ਪੂਰੀ ਦੁਨੀਆਂ ਵਿਚ ਸਿੱਖ ਪਛਾਣ ਨੂੰ ਕਾਇਮ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਸਿੱਖ ਨੌਜਵਾਨਾਂ ਦੇ ਮਸਲਿਆਂ ਬਾਰੇ ਵੀ ਗੰਭੀਰਤਾ ਨਾਲ ਚਰਚਾ ਕੀਤੀ ਗਈ ਅਤੇ ਨੌਜਵਾਨ ਸਿੱਖ ਪੀੜੀ ਨੂੰ ਸਿੱਖੀ ਵਿਰਾਸਤ ਨਾਲ ਜੁੜੇ ਰਹਿਣ ਦੇ ਨਾਲ ਨਾਲ ਹੁਨਰ ਤੇ ਗਿਆਨਵਾਨ ਬਣਾਉਣ ਦੀ ਲੋੜ ਨੂੰ ਦਰਸਾਇਆ। ਇਹ ਬੈਠਕ ਸਿੱਖ ਰੋਡਮੈਪ 2030 ਦੇ ਸੁਪਨੇ ਨੂੰ ਸਾਕਾਰ ਕਰਨ ਲਈ ਪਹਿਲਾ ਕਦਮ ਵੱਜੋ ਮੰਨੀ ਗਈ। ਇਸ ਬੈਠਕ ਵਿਚ ਬੀਬੀ ਰਣਜੀਤ ਕੌਰ, ਜਤਿੰਦਰ ਪਾਲ ਸਿੰਘ ਸੋਨੂੰ, ਬਲਵਿੰਦਰ ਸਿੰਘ ਬਾਈਸਨ, ਐਮ ਪੀ ਐਸ ਚੱਢਾ, ਡਾਕਟਰ ਪਰਮੀਤ ਸਿੰਘ ਚੱਢਾ, ਕੁਲਬੀਰ ਸਿੰਘ, ਕੰਵਲਜੀਤ ਸਿੰਘ ਜਮਨਾਪਾਰ ਅਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ। ਬੈਠਕ ਦੇ ਅੰਤ ਵਿਚ ਪ੍ਰੋਗਰਾਮ ਦੇ ਆਯੋਜਕਾਂ ਹਰਜੋਤ ਸ਼ਾਹ ਸਿੰਘ ਤੇ ਅਮਰਦੀਪ ਸਿੰਘ ਵੱਲੋਂ ਸਾਰਿਆਂ ਦਾ ਧੰਨਵਾਦ ਕੀਤਾ ਗਿਆ।

# ਕੰਗਨਾ ਰਣੌਤ ਦੀ ਫਿਲਮ ਐਮਰਜੈਂਸੀ ਦੀ ਰਿਲੀਜ਼ ਨੂੰ ਮੁਲਤਵੀ ਕਰਨ ਦੇ ਸੀਬੀਐਫਸੀ ਦੇ ਫੈਸਲੇ ਦਾ ਸੁਆਗਤ: ਮਹਾਰਾਸ਼ਟਰ ਸਿੱਖ ਐਸੋਸੀਏਸ਼ਨ



**ਨਵੀਂ ਦਿੱਲੀ 3 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਏਮਰਜੈਂਸੀ ਦੀ ਰਿਲੀਜ ਜੋ ਅਸਲ ਵਿੱਚ 6 ਸਤੰਬਰ ਨੂੰ ਰਿਲੀਜ਼ ਹੋਣ ਲਈ ਤਹਿ ਕੀਤਾ ਗਿਆ ਸੀ, ਵਿੱਚ ਦੇਰੀ ਕਰਨ ਦੇ ਫੈਸਲੇ ਦਾ ਸੁਆਗਤ ਕੀਤਾ ਜਾਂਦਾ ਹੈ। ਇਹ ਫੈਸਲਾ ਫਿਲਮ ਵਿੱਚ ਕੁਝ ਇਤਰਾਜ਼ਯੋਗ ਸਮੱਗਰੀ ਨੂੰ ਲੈ ਕੇ ਸਿੱਖ ਭਾਈਚਾਰੇ ਵੱਲੋਂ ਉਠਾਈਆਂ ਗਈਆਂ ਚਿੰਤਾਵਾਂ ਦੇ ਜਵਾਬ ਵਿੱਚ ਲਿਆ ਗਿਆ ਹੈ। ਇਹ ਸਾਡੀਆਂ ਸਮੂਹਿਕ ਕੋਸ਼ਿਸ਼ਾਂ ਦਾ ਫਲ ਮਿਲਿਆ ਹੈ। ਮੀਡੀਆ ਰਿਪੋਰਟਾਂ ਅਤੇ ਕੰਗਨਾ ਰਣੌਤ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਉਸ ਦੀ ਫਿਲਮ ਐਮਰਜੈਂਸੀ ਨੂੰ ਸੈਂਸਰ ਬੋਰਡ ਨੇ ਰੋਕ ਦਿੱਤਾ ਹੈ। ਸੈਂਸਰ ਬੋਰਡ ਦਾ ਇਹ ਇੱਕ ਸਕਾਰਾਤਮਕ ਕਦਮ ਹੈ, ਪਰ ਸਾਡਾ ਮੰਨਣਾ ਹੈ ਕਿ ਸਾਨੂੰ ਆਪਣੇ ਉਦੇਸ਼ ਦੀ ਪ੍ਰਾਪਤੀ ਤੱਕ ਜਾਗ੍ਰਿਕ ਅਤੇ ਸੁਚੇਤ ਰਹਿਣਾ ਚਾਹੀਦਾ ਹੈ। ਸਾਡਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਫਿਲਮ ਸਿੱਖ ਕੌਮ ਦੀਆਂ ਭਾਵਨਾਵਾਂ ਅਤੇ ਇਤਿਹਾਸਕ ਤੱਥਾਂ ਦਾ ਸਤਿਕਾਰ ਕਰਦੀ ਹੈ। ਮਹਾਰਾਸ਼ਟਰ ਸਿੱਖ ਐਸੋਸੀਏਸ਼ਨ ਦੇ ਪ੍ਰਧਾਨ ਦਲਜੀਤ ਸਿੰਘ ਅਤੇ ਕਨਵੀਨਰ ਬਲ ਮਲਕੀਤ ਸਿੰਘ ਨੇ ਕਿਹਾ ਕਿ ਅਸੀਂ ਸਬੰਧਤ ਅਧਿਕਾਰੀਆਂ ਨੂੰ ਬੇਨਤੀ ਕਰਦੇ ਹਾਂ ਕਿ ਉਹ ਫਿਲਮ ਦੇ ਇਤਰਾਜ਼ਯੋਗ ਹਿੱਸਿਆਂ ਨੂੰ ਹਟਾਉਣ ਲਈ ਜ਼ਰੂਰੀ ਕਦਮ ਚੁੱਕਣ ਜਾਂ, ਜੇ ਲੋੜ ਪਵੇ, ਤਾਂ ਫਿਲਮ 'ਤੇ ਪਾਬੰਦੀ ਲਗਾਈ ਜਾਏ। ਮਹਾਰਾਸ਼ਟਰ ਸਿੱਖ ਐਸੋਸੀਏਸ਼ਨ ਇਹ ਯਕੀਨੀ ਬਣਾਉਣ ਲਈ ਸਥਿਤੀ ਦੀ ਨੇੜਿਓਂ ਨਿਗਰਾਨੀ ਕਰਨਾ ਜਾਰੀ ਰੱਖੇਗਾ ਕਿ ਸਾਡੀਆਂ ਚਿੰਤਾਵਾਂ ਨੂੰ ਢੁਕਵੇਂ ਅਤੇ ਗੰਭੀਰਤਾ ਨਾਲ ਸੰਬੋਧਿਤ ਕੀਤਾ ਗਿਆ ਹੈ। ਅਸੀਂ ਸਿੱਖ ਭਾਈਚਾਰੇ ਅਤੇ ਸਾਰੇ ਸਮਰਥਕਾਂ ਨੂੰ ਇਸ ਉਦੇਸ਼ ਲਈ ਇਕਜੁੱਟ ਅਤੇ ਵਚਨਬੱਧ ਰਹਿਣ ਦੀ ਅਪੀਲ ਕਰਦੇ ਹਾਂ ਜਦੋਂ ਤੱਕ ਸਾਡਾ ਟੀਚਾ ਪੂਰੀ ਤਰ੍ਹਾਂ ਪ੍ਰਾਪਤ ਨਹੀਂ ਹੋ ਜਾਂਦਾ।

# ਮੂੰਹ 'ਤੇ ਕੱਪੜਾ ਪਾ ਕੇ ਜਾਂ ਮੂੰਹ ਨੂੰ ਕਵਰ ਕਰਕੇ ਪੈਦਲ ਚੱਲਣ ਜਾਂ ਵਹੀਕਲ ਚਲਾਉਣ 'ਤੇ ਪਾਬੰਦੀ ਲਗਾਈ : ਏ ਡੀ ਸੀ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 3 ਸਤੰਬਰ (ਕੁਲਜੀਤ ਸਿੰਘ ਖੋਖਰ)**-ਸ਼ਹਿਰਾਂ ਅਤੇ ਵੱਖ-ਵੱਖ ਇਲਾਕਿਆਂ ਵਿੱਚ ਆਏ ਦਿਨ ਨਕਾਬਪੋਸ਼ਾਂ ਵੱਲੋਂ ਲੁੱਟਾਂ ਖੋਹਾਂ, ਕਤਲ, ਡਕੈਤੀਆਂ ਅਤੇ ਚੈਨ ਸਨੈਚਿੰਗ ਦੇ ਮਾਮਲਿਆਂ ਵਿੱਚ ਜਦੋਂ ਪੁਲਿਸ ਵੱਲੋਂ ਵਾਰਦਾਤ ਵਾਲੀ ਜਗ੍ਹਾ 'ਤੇ ਲੱਗੇ ਸੀ.ਸੀ.ਟੀ.ਵੀ. ਫੁਟੇਜ ਦੀ ਪੜਤਾਲ ਕੀਤੀ ਜਾਂਦੀ ਹੈ ਤਾਂ ਫੁਟੇਜ ਵਿੱਚ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਵਿਅਕਤੀਆਂ ਦਾ ਮੂੰਹ ਕੱਪੜੇ ਜਾਂ ਮਾਸਕ ਨਾਲ ਪੂਰੀ ਤਰ੍ਹਾਂ ਢੱਕਿਆ ਹੁੰਦਾ ਹੈ। ਇਸ ਲਈ ਸੁਰੱਖਿਆ, ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਵਿੱਚ ਕਿਸੇ ਵੀ ਵਿਅਕਤੀ ਵੱਲੋਂ ਆਪਣੇ ਮੂੰਹ ਨੂੰ ਕੱਪੜੇ ਨਾਲ ਢੱਕ ਕੇ ਪੈਦਲ ਚੱਲਣ ਜਾਂ ਦੋ ਪਹੀਆ ਵਾਹਨ ਚਲਾਉਣ 'ਤੇ ਪਾਬੰਦੀ ਲਗਾਉਣੀ ਜ਼ਰੂਰੀ ਹੈ। ਇਸ ਸਭ ਨੂੰ ਧਿਆਨ ਵਿੱਚ ਰੱਖਦੇ ਹੋਏ ਸ੍ਰੀ ਸੁਰਿੰਦਰ ਸਿੰਘ, ਪੀ.ਸੀ.ਐੱਸ., ਵਧੀਕ ਜ਼ਿਲ੍ਹਾ ਮੈਜਿਸਟਰੇਟ, ਗੁਰਦਾਸਪੁਰ ਨੇ ਫ਼ੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਵਿੱਚ ਮੂੰਹ 'ਤੇ ਕੱਪੜਾ ਪਾ ਕੇ ਜਾਂ ਮੂੰਹ ਨੂੰ ਕਵਰ ਕਰਕੇ ਪੈਦਲ ਚੱਲਣ ਜਾਂ ਵਹੀਕਲ ਚਲਾਉਣ 'ਤੇ ਸਖ਼ਤ ਪਾਬੰਦੀ ਲਗਾ ਦਿੱਤੀ ਹੈ। ਪਾਬੰਦੀ ਦਾ ਇਹ ਹੁਕਮ 30 ਅਗਸਤ 2024 ਤੋਂ 28 ਅਕਤੂਬਰ 2024 ਤੱਕ ਲਾਗੂ ਰਹੇਗਾ।

**ਪ੍ਰੈਗਾਬਾਲਿਨ ਸਾਲਟ 300 ਐੱਮ.ਜੀ. ਨੂੰ ਬਿਨਾਂ ਲਾਇਸੰਸ ਰੱਖਣ, ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ/ਵੇਚਣ ਅਤੇ ਇਹ ਦਵਾਈ ਬਿਨਾਂ ਪ੍ਰੀਸਕਰਿਪਸ਼ਨ ਵਿੱਕਰੀ 'ਤੇ ਰੋਕ ਲਗਾਉਣ ਦਾ ਹੁਕਮ ਜਾਰੀ** : ਪੁਲਿਸ ਵਿਭਾਗ ਨੇ ਧਿਆਨ ਵਿੱਚ ਲਿਆਂਦਾ ਹੈ ਕਿ ਬਜ਼ਾਰ ਵਿੱਚ ਮੈਡੀਕਲ ਸਟੋਰਾਂ/ਦੁਕਾਨਾਂ 'ਤੇ ਪਰੇਗਾਬਲੀਨ ਕੈਪਸੂਲ ਅਤੇ ਗੋਲੀਆਂ ਵਿਕ ਰਹੀਆਂ ਹਨ ਜਿਸ ਦੀ ਵਰਤੋਂ ਕੁਝ ਲੋਕਾਂ ਵੱਲੋਂ ਨਸ਼ੇ ਦੇ ਤੌਰ 'ਤੇ ਕੀਤੀ ਜਾ ਰਹੀ ਹੈ। ਇਸ ਲਈ ਪੰਜਾਬ ਸਰਕਾਰ ਵੱਲੋਂ ਨਸ਼ੇ ਦੀ ਰੋਕਥਾਮ ਲਈ ਚਲਾਈ ਜਾ ਰਹੀ ਮੁਹਿੰਮ ਨੂੰ ਨੇਪਰੇ ਚਾੜ੍ਹਨ ਲਈ ਫ਼ੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਸੀ.ਆਰ.ਪੀ.ਸੀ. (ਹੁਣ 163 ਬੀ.ਐੱਨ.ਐੱਸ.ਐੱਸ.) ਅਧੀਨ ਪਰੇਗਾਬਲੀਨ ਕੈਪਸੂਲ ਅਤੇ ਗੋਲੀਆਂ ਨੂੰ ਵੇਚਣ, ਖ਼ਰੀਦ ਕਰਨ 'ਤੇ ਪੂਰਨ ਤੌਰ 'ਤੇ ਪਾਬੰਦੀ ਦੇ ਹੁਕਮ ਜਾਰੀ ਕਰਨ ਦੀ ਲੋੜ ਹੈ ਤਾਂ ਜੋ ਇਸ ਨਸ਼ੇ ਉੱਪਰ ਕੰਟਰੋਲ ਕੀਤਾ ਜਾ ਸਕੇ।

ਇਸ ਸਭ ਨੂੰ ਧਿਆਨ ਵਿੱਚ ਰੱਖਦੇ ਹੋਏ ਸ੍ਰੀ ਸੁਰਿੰਦਰ ਸਿੰਘ, ਪੀ.ਸੀ.ਐੱਸ., ਵਧੀਕ ਜ਼ਿਲ੍ਹਾ ਮੈਜਿਸਟ੍ਰੇਟ, ਗੁਰਦਾਸਪੁਰ ਨੇ ਦਾ ਭਾਰਤੀਯ ਨਾਗਰਿਕ ਸੁਰੱਕਸ਼ਾ ਸਨਹਿਤਾ, 2023 (46 ਆਫ਼. 2023) ਚੈਪਟਰ 11 (ਸੀ-ਅਰਜੰਟ ਕੇਸਜ ਆਫ਼ ਨਿਊਈਸੈਨਸ ਆਰ ਐਪਰੀਹੈਂਡਿਡ ਡੇਂਜਰ) ਅੰਡਰ ਸੈਕਸ਼ਨ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਵਿੱਚ ਪ੍ਰੈਗਾਬਾਲਿਨ ਸਾਲਟ 300 ਐੱਮ.ਜੀ. ਨੂੰ ਬਿਨਾਂ ਲਾਇਸੰਸ ਰੱਖਣ, ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ/ਵੇਚਣ ਅਤੇ ਇਹ ਦਵਾਈ ਬਿਨਾਂ ਪ੍ਰੀਸਕਰਿਪਸ਼ਨ ਵਿੱਕਰੀ 'ਤੇ ਰੋਕ ਲਗਾਉਣ ਦਾ ਹੁਕਮ ਜਾਰੀ ਕੀਤਾ ਹੈ। ਇਸ ਹੁਕਮ ਨੂੰ ਸੀਨੀਅਰ ਪੁਲਿਸ ਕਪਤਾਨ ਗੁਰਦਾਸਪੁਰ, ਬਟਾਲਾ ਅਤੇ ਸਮੂਹ ਉੱਪ ਮੰਡਲ ਮੈਜਿਸਟਰੇਟ ਅਤੇ ਸਿਵਲ ਸਰਜਨ ਗੁਰਦਾਸਪੁਰ ਲਾਗੂ ਕਰਵਾਉਣ ਦੇ ਜ਼ਿੰਮੇਵਾਰ ਹੋਣਗੇ। ਇਹ ਹੁਕਮ ਮਿਤੀ 3 ਸਤੰਬਰ 2024 ਤੋਂ ਲੈ ਕੇ 30 ਅਕਤੂਬਰ 2024 ਤੱਕ ਲਾਗੂ ਰਹਿਣਗੇ।

# "ਆਉ ਬੁੱਝੀਏ" ਬੁਝਾਰਤ



1 ਇਹ ਹੈ ਸਭ ਤੋਂ ਵਧੀਆ ਸਵਾਰੀ,ਨਾ ਤੇਲ ਨਾ ਧੂੰਆ,ਦੂਰ ਕਰੇ ਬਿਮਾਰੀ।
2 ਤੁਰਦਾ ਨਹੀਂ ਮੈਂ, ਪੈਰ ਮੇਰੇ ਚਾਰ,ਹਰ ਕੋਈ ਕਰੇ ਮੇਰੇ ਉੱਤੇ ਕਰੇ ਅਰਾਮ ।
3 ਸੂਰਜ ਦੀ ਸ਼ਕਤੀ ਖਾਵਾ,ਬਿਨ ਪੈਸਿਆਂ ਤੋਂ ਖਾਣਾ ਪਕਾਵਾ।
4 ਉੱਚੇ ਅਸਮਾਨੀ ਉਡਦਾ ਜਾਵਾਂ, ਝਟ ਪਹੁਚਾਵਾ ਦੇਰ ਨਾ ਲਾਵਾਂ।
5 ਦੋ ਸਿਪਾਹੀ ਲੜਦੇ ਜਾਣ, ਨਿਮ ਦੇ ਪੱਤੇ ਝੜਦੇ ਜਾਣ।
6 ਨੀਲੀ ਟਾਕੀ ਚੋਲ ਬੱਧੇ, ਦਿਨੇ ਗੁਆਚੇ ਰਾਤੀ ਲੱਭੇ।
7 ਨਿੱਕੀ ਜਿਹੀ ਕੁੜੀ, ਲੈ ਪਰਾਂਦਾ ਤੁਰੀ।
8 ਪਹਾੜਓ ਆਏ ਰੋੜੇ, ਆਉਦਿਆ ਦੇ ਸਿਰ ਤੋੜੇ।

**ਉੱਤਰ 1 ਸਾਈਕਲ , 2 ਮੰਜਾ, 3 ਸੋਲਰ ਕੁੱਕਰ,4 ਜਹਾਜ,5 ਟੋਕਾ, 6 ਤਾਰੇ,7 ਸੂਈਂ ਧਾਗਾ, 8 ਅਖਰੋਟ,।**

-ਮਾਸਟਰ ਮੋਹਣ ਸਿੰਘ

# ਮੁੱਖ ਮੰਤਰੀ ਨੇ 500 ਗਜ ਦੇ ਪਲਾਟਾਂ ਦੀਆਂ ਰਜਿਸਟਰੀਆਂ ਤੇ ਐਨ.ਓ.ਸੀ ਖਤਮ ਕਰਨ ਦਾ ਇਤਿਹਾਸਕ ਫੈਂਸਲਾ ਲਿਆ - ਭੁੱਲਰ

## ਹੁਣ ਲੋਕਾਂ ਦਾ ਘਰ ਬਣਾਉਣ ਦਾ ਸੁਫਨਾ ਜਲਦੀ ਹੋਵੇਗਾ ਪੂਰਾ



ਫਿਰੋਜ਼ਪੁਰ 3 ਸਤੰਬਰ (ਸੁਖਮੰਦਰ ਸਿੰਘ ਸ਼ਾਤ ) ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਅੱਜ ਪੰਜਾਬ ਵਿਧਾਨ ਸਭਾ ਵਿੱਚ ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ (ਸੋਧ) ਬਿੱਲ 2024 ਪਾਸ ਕਰ ਕੇ ਰਾਜ ਦੇ ਕਰੋੜਾਂ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ, ਜਿਸ ਨਾਲ 500 ਗਜ ਤੱਕ ਦੇ ਪਲਾਟਾ ਦੀ ਰਜਿਸਟਰੀ ਵੇਲੇ ਐਨ.ਓ.ਸੀ ਦੀ ਸ਼ਰਤ ਨੂੰ ਖਤਮ ਕਰ ਦਿੱਤਾ ਗਿਆ ਹੈ। ਸ. ਰਣਬੀਰ ਸਿੰਘ ਭੁੱਲਰ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਨੇ ਮੁੱਖ ਮੰਤਰੀ ਵੱਲੋਂ ਲੋਕ ਹਿੱਤ ਵਿਚ ਕੀਤੀ ਗਈ ਇਸ ਵੱਡੀ ਪਹਿਲਕਦਮੀ ਨੂੰ ਇਤਿਹਾਸਕ ਕਰਾਰ ਦਿੰਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਹੈ।

ਵਿਧਾਇਕ ਸ. ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਲੋਕ ਆਪਣੀ ਸਾਰੀ ਜਿੰਦਗੀ ਹੀ ਮਿਹਨਤ ਨਾਲ ਕੀਤੀ ਕਮਾਈ ਨਾਲ ਘਰ ਬਣਾਉਣ ਦਾ ਸੁਫਨਾ ਪਾਲਦੇ ਹਨ ਪਰ ਕੁੱਝ ਲਾਲਚੀ ਕਿਸਮ ਦੇ ਲੋਕ ਗਰੀਬਾਂ ਦੀ ਖ਼ੂਨ ਪਸੀਨੇ ਦੀ ਕਮਾਈ ਨੂੰ ਗੈਰ-ਕਾਨੂੰਨੀ ਢੰਗ ਨਾਲ ਲੁੱਟਦੇ ਹਨ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿੱਚ ਮੁੱਖ ਮੰਤਰੀ ਵੱਲੋਂ ਸਖਤ ਕਦਮ ਚੁੱਕਦਿਆਂ ਹੁਣ ਪੰਜਾਬ ਸਰਕਾਰ ਵੱਲੋਂ 500 ਗਜ ਤੱਕ ਦੇ ਪਲਾਟਾਂ ਉੱਤੇ ਐਨ.ਓ.ਸੀ ਦੀ ਸ਼ਰਤ ਖਤਮ ਕਰ ਦਿੱਤੀ ਗਈ ਹੈ। ਇਸ ਤੋਂ ਇਲਾਵਾ ਅਣਅਧਿਕਾਰਤ ਕਲੋਨੀਆਂ ਦੇ ਫੈਲਾਅ ਨੂੰ ਰੋਕਣ ਲਈ ਅਣਅਧਿਕਾਰਤ ਕਲੋਨੀਆਂ ਬਣਾਉਣ ਵਾਲੇ ਲੋਕਾਂ ਤੇ ਵੱਡੇ ਜੁਰਮਾਨੇ ਅਤੇ ਸਜਾ ਦਾ ਪ੍ਰਾਬੰਧ ਵੀ ਕੀਤਾ ਹੈ। ਉਨ੍ਹਾਂ ਕਿਹਾ ਕਿ ਹੁਣ ਇਸ ਕਾਨੂੰਨ ਦੇ ਪਾਸ ਹੋਣ ਨਾਲ ਜਿੱਥੇ ਅਣਅਧਿਕਾਰਤ ਕਲੋਨੀਆਂ ਬਣਾਉਣ ਦੇ ਰੁਝਾਨ ਨੂੰ ਪੂਰੀ ਤਰ੍ਹਾਂ ਠੱਲ ਪਵੇਗੀ ਉਥੇ ਹੀ 500 ਗਜ ਦੇ ਪਲਾਟਾਂ ਲਈ ਐਨ.ਓ.ਸੀ ਦੀ ਸ਼ਰਤ ਖਤਮ ਹੋਣ ਨਾਲ ਰਾਜ ਦੇ ਕਰੋੜਾਂ ਵਸਨੀਕਾਂ ਨੂੰ ਲਾਭ ਮਿਲੇਗਾ ਅਤੇ ਹੁਣ 500 ਗਜ ਦੇ ਪਲਾਟ ਦੀ ਰਜਿਸਟਰੀ ਐਨ.ਓ.ਸੀ ਤੋਂ ਬਿਨ੍ਹਾਂ ਹੋਵੇਗੀ। ਉਨ੍ਹਾਂ ਕਿਹਾ ਕਿ ਸਮੁੱਚੇ ਪੰਜਾਬ ਵਾਸੀ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਇਸ ਲੋਕ ਹਿੱਤ ਫੈਂਸਲੇ ਲਈ ਹਮੇਸ਼ਾ ਰਿਣੀ ਰਹਿਣਗੇ ਅਤੇ ਪਲਾਟਾਂ ਦੀਆਂ ਰਜਿਸਟਰੀਆ ਹੋਣ ਨਾਲ ਪੰਜਾਬ ਸਰਕਾਰ ਦੇ ਮਾਲੀਏ ਵਿੱਚ ਵੀ ਵਾਧਾ ਹੋਵੇਗਾ।

### ਮਹਿਲਾਵਾਂ ਦੀ ਦੋ ਦਿਨਾਂ

# ਖੇਲੋ ਇੰਡੀਆ ਸਾਈਕਲਿੰਗ ਲੀਗ ਸ਼ੁਰੂ



**ਚੌਂਕ ਮਹਿਤਾ, 3 ਸੰਤਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਸਾਈਕਲਿੰਗ ਫੈਡਰੇਸ਼ਨ ਆਫ ਇੰਡੀਆ ਦੇ ਵੱਲੋਂ ਸਪੋਰਟਸ ਅਥਾਰਟੀ ਆਫ ਇੰਡੀਆ ਦੇ ਸਹਿਯੋਗ ਨਾਲ ਟੋਲ ਪਲਾਜਾ ਛਿੱਡਣ ਜ਼ੀਟੀ ਰੋਡ ਅਟਾਰੀ ਵਿਖੇ ਦੋ ਦਿਨਾਂ ਖੇਲੋ ਇੰਡੀਆ ਵਿਮੈਨ ਰੋਡ ਸਾਈਕਲਿੰਗ ਲੀਗ ਅੱਜ ਤੋਂ ਸ਼ੁਰੂ ਹੋ ਗਈ ਜੋ ਕਿ 4 ਸਤੰਬਰ ਤੱਕ ਚੱਲੇਗੀ। ਅੱਜ ਪਹਿਲੇ ਦਿਨ ਜੂਨੀਅਰ, ਸਬ ਜੂਨੀਅਰ ਤੇ ਯੂਥ ਵਰਗ ਦੀਆਂ ਖਿਡਾਰਨਾ ਨੇ ਆਪਣੀ ਖੇਡ ਸ਼ੈਲੀ ਦਾ ਲੋਹਾ ਮੰਨਵਾਇਆ ਤੇ ਇਸ ਦੌਰਾਨ ਵਿਅਕਤੀਗਤ ਟਾਈਮ ਟ੍ਰਾਇਲ, ਈਲਾਈਟ ਪ੍ਰਤੀਯੋਗਤਾ 20 ਕਿਲੋਮੀਟਰ, ਜੂਨੀਅਰ ਵਰਗ ਪ੍ਰਤੀਯੋਗਤਾ 15 ਕਿਲੋਮੀਟਰ, ਸਬ ਜੂਨੀਅਰ ਅਤੇ ਯੂਥ ਦੀ ਪ੍ਰਤੀਯੋਗਤਾ 10 ਕਿਲੋਮੀਟਰ ਇਸੇ ਤਰ੍ਹਾਂ ਵਿਅਕਤੀਗਤ ਮਾਸ ਸਟਾਰਟ ਈਲਾਈਟ ਵਿਮੈਨ ਪ੍ਰਤੀਯੋਗਤਾ 50 ਕਿਲੋਮੀਟਰ, ਜੂਨੀਅਰ ਗਰਲਜ਼ ਦੀ ਪ੍ਰਤੀਯੋਗਤਾ 40 ਕਿਲੋਮੀਟਰ ਅਤੇ ਸਬ ਜੂਨੀਅਰ ਅਤੇ ਯੂਥ ਦੀ ਪ੍ਰਤੀਯੋਗਤਾ 20 ਕਿਲੋਮੀਟਰ ਦੀ ਮੁਕਾਬਲੇਬਾਜੀ ਦਾ ਆਯੋਜਨ ਕੀਤਾ ਗਿਆ। ਇਸ ਦਾ ਸ਼ੁੱਭਾਰੰਭ ਗ੍ਰੇਟ ਇੰਡੀਆ ਪ੍ਰੈਜੀਡੇਂਸੀ ਸਕੂਲ ਛਿੱਡਣ ਦੇ ਡਾਇਰੈਕਟਰ ਤੇ ਖਾਲਸਾ ਕਾਲਜ ਫਾਰ ਵਿਮੈਨ ਦੇ ਸਾਬਕਾ ਪ੍ਰਿੰਸੀਪਲ ਮੈਡਮ ਸੁਖਬੀਰ ਕੌਰ ਮਾਹਲ ਦੇ ਵੱਲੋਂ ਮਹਿਲਾ ਸਾਈਕਲਿਸਟਾਂ ਨੂੰ ਝੰਡੀ ਦਿਖਾ ਕੇ ਕੀਤਾ ਗਿਆ। ਜ਼ਿਲ੍ਹਾ ਸਾਈਕਲਿੰਗ ਐਸੋਸੀਏਸ਼ਨ ਦੇ ਸਕੱਤਰ ਬਾਵਾ ਸਿੰਘ ਸੰਧੂ ਭੋਮਾ, ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕੌਮਾਂਤਰੀ ਸਾਈਕਲਿੰਗ ਕੋਚ ਰਾਜੇਸ਼ ਕੌਸ਼ਿਕ ਅਤੇ ਖੇਡ ਪ੍ਰੇਮੀ ਗੁਰਿੰਦਰ ਸਿੰਘ ਮੱਟੂ ਦੇ ਵੱਲੋਂ ਸਾਂਝੇ ਤੌਰ ਤੇ ਸਮੁੱਚੀਆਂ ਖਿਡਾਰਨਾਂ ਤੇ ਵਿਸ਼ੇਸ਼ ਵਿਅਕਤੀਆਂ ਨੂੰ ਰਸਮੀ ਤੌਰ ਤੇ ਜੀ ਆਇਆ ਨੂੰ ਆਖਦਿਆਂ ਧੰਨਵਾਦ ਕੀਤਾ। ਸਬ ਜੂਨੀਅਰ ਪ੍ਰਤੀਯੋਗਤਾ ਦੇ ਵਿੱਚ ਅੰਜਲੀ ਜਾਖੜ ਪੰਜਾਬ ਨੇ ਗੋਲਡ, ਅੰਜਲੀ ਰਾਣਾ ਹਰਿਆਣਾ ਨੇ ਸਿਲਵਰ, ਕੋਮਲ ਹਰਿਆਣਾ ਨੇ ਬਰਾਊਂਜ ਜੂਨੀਅਰ ਪ੍ਰਤੀਯੋਗਤਾ ਵਿੱਚ ਹਰਿਸ਼ਤਾ ਜਾਖੜ ਨੇ ਗੋਲਡ, ਛਾਇਆ ਐਨਆਈਐਸ ਪਟਿਆਲਾ ਨੇ ਸਿਲਵਰ, ਸੰਤੋਸ਼ੀ ਐਨਆਈਐਸ ਪਟਿਆਲਾ ਨੇ ਬਰਾਊਂਜ ਮੈਡਲ ਜਦੋਂ ਕਿ ਮਹਿਲਾਵਾਂ ਦੇ ਵਰਗ ਵਿੱਚ ਸਵਾਸਤੀ ਸਿੰਘ ਐਨਆਈਐਸ ਪਟਿਆਲਾ ਨੇ ਗੋਲਡ, ਮਿਨਾਕਸ਼ੀ ਹਰਿਆਣਾ ਨੇ ਸਿਲਵਰ ਜਦੋਂ ਕਿ ਸੰਸਕ੍ਰਿਤੀ ਐਨਆਈਐਸ ਪਟਿਆਲਾ ਨੇ ਬਰਾਊਂਜ ਮੈਡਲ ਹਾਂਸਲ ਕੀਤਾ। ਜੇਤੂਆਂ ਨੂੰ ਇਨਾਮ ਤਕਸੀਮ ਕਰਨ ਦੀ ਰਸਮ ਗ੍ਰੇਟ ਇੰਡੀਆ ਪ੍ਰੈਜੀਡੇਂਸੀ ਸਕੂਲ ਛਿੱਡਣ ਦੇ ਡਾਇਰੈਕਟਰ ਤੇ ਖਾਲਸਾ ਕਾਲਜ ਫਾਰ ਵਿਮੈਨ ਦੇ ਸਾਬਕਾ ਪ੍ਰਿੰਸੀਪਲ ਮੈਡਮ ਸੁਖਬੀਰ ਕੌਰ ਮਾਹਲ ਦੇ ਵੱਲੋਂ ਅਦਾ ਕੀਤੀ ਗਈ। ਮੰਚ ਦਾ ਸੰਚਾਲਨ ਉਘੇ ਖੇਡ ਪ੍ਰਮੋਟਰ ਤੇ ਸਮਾਜ ਸੇਵੀ ਗੁਰਿੰਦਰ ਸਿੰਘ ਮੱਟੂ ਦੇ ਵੱਲੋਂ ਬਾਖੂਬੀ ਨਿਭਾਇਆ ਗਿਆ। ਪ੍ਰਬੰਧਕਾਂ ਤੋਂ ਪ੍ਰਾਪਤ ਸੂਚਨਾ ਅਨੁਸਾਰ ਹਰੇਕ ਵਰਗ ਦੇ ਵਿੱਚੋਂ ਪਹਿਲੀਆਂ 3 ਜੇਤੂ ਪੁਜੀਸ਼ਨਾ ਹਾਂਸਲ ਕਰਨ ਵਾਲੀਆਂ ਖਿਡਾਰਨਾ ਨੂੰ 1,20,000£ ਦੀ ਨਗਦੀ ਇਨਾਮੀ ਰਾਸ਼ੀ ਤੋਂ ਇਲਾਵਾ ਆਕਰਸ਼ਕ ਇਨਾਮਾ ਦੇ ਨਵਾਜਿਆ ਜਾਵੇਗਾ। ਬਾਕਸ: ਜਿਕਰਯੋਗ ਹੈ ਕਿ ਦੇਸ਼ ਭਰ ਤੋਂ ਜੂਨੀਅਰ, ਸਬ ਜੂਨੀਅਰ ਤੇ ਯੂਥ ਵਰਗ ਦੀਆਂ ਮਹਿਲਾ ਸਾਈਕਲੰਗਿ ਖਿਡਾਰਨਾਂ ਇਸ ਕੌਮੀ ਪੱਧਰ ਦੀ ਪ੍ਰਤੀਯੋਗਤਾ ਨੂੰ ਲੈ ਕੇ ਪ੍ਰਬੰਧਕਾਂ ਵੱਲੋਂ ਜ਼ਿਲ੍ਹਾ ਦਿਹਾਤੀ ਪੁਲਿਸ ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਪੁਲਿਸ ਦਾ ਕੋਈ ਅਧਿਕਾਰੀ ਜਾਂ ਕਰਮਚਾਰੀ ਵੇਖਣ ਨੂੰ ਨਹੀਂ ਮਿਲਿਆ। ਜਿੰਨ੍ਹਾਂ ਦੀ ਗੈਰ ਹਾਜ਼ਰੀ ਪ੍ਰਬੰਧਕਾਂ ਨੂੰ ਰੜਕਦੀ ਰਹੀ। ਇਸ ਦੌਰਾਨ ਇੱਕ ਸੜਕ ਹਾਦਸਾ ਹੋਣ ਦੀ ਵੀ ਸੂਚਨਾ ਪ੍ਰਾਪਤ ਹੋਈ ਹੈ। ਜਦੋਂ ਕਿ ਮੁਕਾਬਲੇਬਾਜੀ ਵਾਲੀ ਜਗ੍ਹਾਂ ਤੋਂ ਜ਼ਿਲ੍ਹਾ ਦਿਹਾਤੀ ਦਾ ਇੱਕ ਨਾਮੀ ਥਾਣਾ ਸਿਰਫ ਤੇ ਸਿਰਫ ਇੱਕ ਕਿਲੋਮੀਟਰ ਦੀ ਦੂਰੀ ਤੇ ਸਥਿਤ ਹੈ। ਇਸ ਦੌਰਾਨ ਪ੍ਰਿੰਸੀਪਲ ਰਮਨਦੀਪ ਕੌਰ, ਸਾਈਂ ਚੀਫ ਕੋਚ ਜੋਗਿੰਦਰ ਸਿੰਘ, ਸਾਈਂ ਕੋਚ ਰਾਜਵਿੰਦਰ ਕੌਰ, ਸੀਐਫਆਈ ਹਰਿਆਣਾ ਦੀ ਕੋਚ ਨੇਹਾ, ਸਾਈਂ ਅਬਜਰਵਰ ਰਾਜੇਸ਼ ਕੁਮਾਰ, ਸਾਈਂ ਕੋਚ ਭੀਮ ਸਿੰਘ, ਕੋਚ ਭੁਪਿੰਦਰ ਸਿੰਘ, ਸਾਬਕਾ ਸਾਈਕਲਿੰਗ ਖਿਡਾਰੀ ਸਤਬੀਰ ਸਿੰਘ, ਕੋਮਲਪ੍ਰੀਤ ਕੌਰ ਜੀਐਨਡੀਯੂ, ਮਨਮੀਤ ਕੌਰ ਜੀਐਨਡੀਯੂ ਤੇ ਜੀਐਸ ਸੰਧੂ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ।

### ਭੋਏਵਾਲ ਦੇ ਲੋਕਾਂ ਨਸ਼ੇ ਵਿਰੁੱਧ ਛੇੜੀ ਜੰਗ, ਨਸ਼ਾ ਖਤਮ ਕਰਨ ਦਾ ਕੀਤਾ ਐਲਾਨ

# ਨਸ਼ੇੜੀ ਦੀ ਜਮਾਨਤ ਦੇਣ ਤੇ ਲੱਗੇਗਾ 50 ਹਜਾਰ ਜੁਰਮਾਨਾ, ਪੂਰਾ ਪਿੰਡ ਕਰੇਗਾ ਬਾਈਕਾਟ



ਚੌਂਕ ਮਹਿਤਾ, 2 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)– ਥਾਣਾ ਮੱਤੇਵਾਲ ਅਧੀਨ ਪੈਂਦੇ ਪਿੰਡ ਭੋਏਵਾਲ ਦੇ ਲੋਕ ਅੱਜ ਪਿੰਡ ਦੇ ਬਾਹਰਵਾਰ ਇਕ ਸਾਂਝੀ ਜਗਾ ਤੇ ਵੱਡੀ ਗਿਣਤੀ ਵਿਚ ਇਕੱਠੇ ਹੋਏ। ਜਿਥੇ ਉਨ੍ਹਾਂ ਨੇ ਪਿੰਡ ਵਿਚ ਵੱਧ ਚੁੱਕੇ ਨਸ਼ੇ ਨੂੰ ਲੈ ਕੇ ਚਿੰਤਾ ਦਾ ਪ੍ਰਗਟਾਵਾ ਕੀਤਾ, ਅਤੇ ਪਿੰਡ ਪੱਧਰ ਤੇ ਨਸ਼ੇ ਨੂੰ ਖ਼ਤਮ ਕਰਨ ਲਈ ਰਣਨੀਤੀ ਉਲੀਕੀ। ਇਥੇ ਮੌਜੂਦ ਪ੍ਰਧਾਨ ਬਾਬਾ ਮੇਜਰ ਸਿੰਘ ਅਤੇ ਹੋਰ ਮੁਹਤਬਰ ਲੋਕਾਂ ਨੇ ਦੱਸਿਆ ਕਿ ਸਾਡੇ ਪਿੰਡ ਦੇ ਕਾਫੀ ਨੌਜਵਾਨ ਨਸ਼ੇ ਦੇ ਆਦੀ ਹਨ, ਜੋ ਨਸ਼ਾ ਵੇਚਦੇ ਹਨ ਅਤੇ ਖੁਦ ਨਸ਼ੇ ਦਾ ਸੇਵਨ ਵੀ ਕਰਦੇ ਹਨ। ਉਨ੍ਹਾਂ ਦੱਸਿਆ ਕਿ ਸਾਡੇ ਪਿੰਡ 'ਚ ਪਿਛਲੇ ਸਮੇਂ ਵਿਚ ਨਸ਼ੇ ਦੇ ਕਾਰਨ ਕਈ ਮੌਤਾਂ ਹੋ ਚੁਕੀਆਂ ਹਨ। ਜੋ ਕਿ ਸਾਡੇ ਪਿੰਡ ਵਾਲਿਆਂ ਲਈ ਇਕ ਵੱਡਾ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਦੱਸਿਆ ਕਿ ਹਾਲਤ ਇਥੋਂ ਤਕ ਬੱਤਰ ਬਣ ਚੁੱਕੇ ਹਨ ਕਿ ਨਸ਼ਾ ਬਹੁਤ ਮਹਿੰਗਾ ਹੋਣ ਕਾਰਨ ਇਹ ਨਸ਼ੇੜੀ ਨੌਜਵਾਨ ਆਪਣੀਆਂ ਜਮੀਨਾਂ ਤਕ ਵੇਚ ਰਹੇ ਹਨ।

### ਨਸ਼ੇ ਨੂੰ ਠੱਲਣਾ ਪੁਲਿਸ 'ਤੇ ਸਰਕਾਰ ਦੇ ਵੱਸੋ ਬਾਹਰ : ਪ੍ਰਧਾਨ ਮੇਜਰ ਸਿੰਘ

ਉਨ੍ਹਾਂ ਕਿਹਾ ਕਿ ਨਸ਼ਾ ਸਾਡੇ ਪਿੰਡ ਵਿਚ ਸਭ ਹੱਦਾਂ ਬੰਨੇ ਟੱਪ ਚੁੱਕਾ ਹੈ, ਜਿਸ ਨੂੰ ਠੱਲ ਪਾਉਣਾ ਪੁਲਿਸ ਅਤੇ ਸਰਕਾਰਾਂ ਦੇ ਵੱਸ ਦੀ ਗੱਲ ਨਹੀਂ ਰਹੀ, ਉਨ੍ਹਾਂ ਕਿਹਾ ਕਿ ਅਗਰ ਅਸੀਂ ਲੋਕ ਸਰਕਾਰਾਂ ਜਾਂ ਪੁਲਿਸ ਪ੍ਰਸ਼ਾਸ਼ਨ ਤੇ ਆਸ ਲਗਾ ਕੇ ਬੈਠੇ ਰਹੇ ਤਾ ਨਸ਼ੇ ਦਾ ਦੈਂਤ ਹੌਲੀ ਹੌਲੀ ਸਾਡੇ ਸਾਰੇ ਨੌਜਵਾਨਾਂ ਨੂੰ ਨਿਗਲ ਲਵੇਗਾ। ਉਨ੍ਹਾਂ ਕਿਹਾ ਕਿ ਅਸੀਂ ਪਿੰਡ ਦੇ ਨੌਜਵਾਨਾਂ ਨੂੰ ਨਸ਼ਾ ਛੱਡਣ ਲਈ ਪਹਿਲਾ ਵੀ ਸਮਝਾ ਚੁੱਕੇ ਹਾਂ ਪਰ ਸਾਡੀ ਕੋਸ਼ਿਸ਼ ਬੇਅਸਰ ਰਹੀ ਹੈ। ਜਿਸ ਕਰਕੇ ਨਸ਼ਿਆਂ ਨੂੰ ਰੋਕਣ ਲਈ ਅੱਜ ਸਾਡੇ ਵੱਲੋਂ ਇਕ ਕਮੇਟੀ ਗਠਿਤ ਕੀਤੀ ਗਈ ਹੈ, ਜਿਸ ਵਿਚ ਪ੍ਰਧਾਨ ਮੇਜਰ ਸਿੰਘ, ਹਰਦੇਵ ਸਿੰਘ ਇਨਕਲਾਬ ਸਿੰਘ, ਅੰਗਰੇਜ ਸਿੰਘ, ਦਿਲਬਾਗ ਸਿੰਘ ਮੈਂਬਰ, ਅਮ੍ਰਿਤਪਾਲ ਸਿੰਘ, ਜਗਜੀਤ ਸਿੰਘ ਜੱਗੀ, ਸੁਖਵੰਤ ਸਿੰਘ ਸੋਨੂ, ਮਲੂਕ ਮਸੀਹ, ਤਰਸੇਮ ਮਸੀਹ, ਪ੍ਰੇਮ ਮਸੀਹ, ਸਮੂਹ ਮਸੀਹ, ਕੰਵਲਜੀਤ ਸਿੰਘ ਫੌਜੀ ਤੇ ਸੁਰਜੀਤ ਸਿੰਘ 'ਆਪ' ਪਾਰਟੀ ਦੇ ਨਾਂ ਸ਼ਾਮਲ ਹਨ। ਇਹ ਕਮੇਟੀ ਨਸ਼ਈ ਨੌਜਵਾਨਾਂ ਦੇ ਘਰ ਘਰ ਪਹੁੰਚ ਕਰ ਕੇ ਸੁਧਰਨ ਦਾ ਇਕ ਮੌਕੇ ਦੇਵੇਗੀ। ਬਾਵਜੂਦ ਇਸ ਦੇ ਸੁਧਾਰ ਨਹੀਂ ਹੁੰਦਾ ਤਾਂ ਕਾਨੂੰਨੀ ਕਾਰਵਾਈ ਲਈ ਇਨਾਂ ਦੀ ਸ਼ਿਕਾਇਤ ਪੁਲਿਸ ਨੂੰ ਦੇ ਦਿੱਤੀ ਜਾਵੇਗੀ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਅਗਰ ਸਾਡੇ ਪਿੰਡ ਦਾ ਕੋਈ ਵੀ ਵਿਅਕਤੀ ਨਸ਼ੇੜੀ ਨੌਜਵਾਨਾਂ ਦੀ ਜਮਾਨਤ ਦੇਵੇਗਾ ਤਾ ਉਸ ਨੂੰ 50 ਹਜਾਰ ਰੁਪਏ ਜੁਰਮਾਨਾ ਦੇਣ ਦਾ ਹੱਕਦਾਰ ਹੋਵੇਗਾ ਅਤੇ ਪੂਰੇ ਪਿੰਡ ਵੱਲੋਂ ਉਸ ਵਿਅਕਤੀ ਦਾ ਬਾਈਕਾਟ ਵੀ ਕੀਤਾ ਜਾਵੇਗਾ। ਇਸ ਮੌਕੇ ਬਾਬਾ ਮੇਜਰ ਸਿੰਘ (ਸਤਿਕਾਰ ਕਮੇਟੀ), ਹੀਰਾ ਸਿੰਘ, ਨੰਬਰਦਾਰ ਅਜਮੇਰ ਸਿੰਘ, ਨੰਬਰਦਾਰ ਮਹਿੰਦਰ ਸਿੰਘ, ਡਾ. ਲਖਬੀਰ ਸਿੰਘ, ਪਰਮਜੀਤ ਸਿੰਘ ਮੈਂਬਰ, ਲਖਬੀਰ ਸਿੰਘ ਮੈਂਬਰ, ਸਤਨਾਮ ਸਿੰਘ, ਸੁਰਜੀਤ ਸਿੰਘ ਸੋਨੂ ਬਲਾਕ ਪ੍ਰਧਾਨ, ਮਾ. ਸਨਮੁਖ ਸਿੰਘ, ਤਰਸੇਮ ਮਸੀਹ ਮੈਂਬਰ, ਗੁਰਦੇਵ ਸਿੰਘ, ਮੈਂਬਰ ਸਰਬਜੀਤ ਸਿੰਘ, ਮੈਂਬਰ ਬਿਕਰਮ ਸਿੰਘ, ਸੁੱਖਵਿੰਦਰ ਸਿੰਘ ਬਿੱਟੂ, ਬਾਬਾ ਲੱਖਾਂ ਸਿੰਘ ਤੇ ਡਾ. ਸਾਹਿਬ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜਰ ਸਨ।

# 14 ਸਤੰਬਰ ਨੂੰ ਲਗਾਈ ਜਾ ਰਹੀ ਹੈ ਕੌਮੀ ਲੋਕ ਅਦਾਲਤ



**ਫ਼ਿਰੋਜ਼ਪੁਰ, 03 ਸਤੰਬਰ ਸੁਖਮੰਦਰ ਸਿੰਘ ਸ਼ਾਤ**- ਮਾਨਯੋਗ ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ. ਏ. ਐੱਸ. ਨਗਰ (ਮੋਹਾਲੀ) ਜੀਆਂ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਸ਼੍ਰੀ ਵੀਰਇੰਦਰ ਅਗਰਵਾਲ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਸਹਿਤ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਜੀਆਂ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਜ਼ਿਲ੍ਹਾ ਫਿਰੋਜ਼ਪੁਰ ਦੀ ਆਮ ਜਨਤਾ ਨੂੰ ਸੰਬੋਧਨ ਕਰਦਿਆਂ ਅਪੀਲ ਕੀਤੀ ਹੈ ਕਿ ਮਿਤੀ 14.09.2024 ਨੂੰ ਨੈਸ਼ਨਲ ਲੋਕ ਅਦਾਲਤ ਲਗਾਈ ਜਾ ਰਹੀ ਹੈ।

ਇਸ ਦੇ ਸਬੰਧ ਵਿੱਚ ਉਨ੍ਹਾਂ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ ਅਤੇ ਇਸ ਲੋਕ ਅਦਾਲਤ ਵਿੱਚ ਪ੍ਰੀ-ਲਿਟੀਗੇਟਿਵ ਕੇਸ ਜੋ ਕਿ ਅੱਜੇ ਤੱਕ ਅਦਾਲਤ ਵਿੱਚ ਦਾਇਰ ਨਹੀਂ ਕੀਤੇ ਗਏ ਉਹ ਵੀ ਕੇਸ ਇਸ ਲੋਕ ਅਦਾਲਤ ਨਿਪਟਾਏ ਜਾਣਗੇ। ਇਸ ਲੋਕ ਅਦਾਲਤ ਵਿੱਚ ਸਿਵਲ ਕੇਸ, ਸਿਵਲ ਐਗੀਕਿਊਸ਼ਨ, ਪਰਿਵਾਰਿਕ ਝਗੜੇ, ਬੈਂਕ ਰਿਕਵਰੀ ਕੇਸ, ਅਰਧ ਸਿਵਲ ਕੇਸ ਅਤੇ ਫੁਟਕਲ ਸਿਵਲ ਮਾਮਲੇ ਆਦਿ ਦਾ ਨਿਪਟਾਰਾ ਕੀਤਾ ਜਾਣਾ ਹੈ। ਇਸ ਦੇ ਨਾਲ ਹੀ ਇਸ ਲੋਕ ਅਦਾਲਤ ਵਿੱਚ ਸੰਗੀਨ ਫੌਜਦਾਰੀ ਕੇਸਾਂ ਨੂੰ ਛੱਡ ਕੇ, ਜਿਵੇਂ ਕਿ ਹਰ ਕਿਸਮ ਦੇ ਦੀਵਾਨੀ ਕੇਸ, ਪ੍ਰੀਵਾਰਿਕ ਝਗੜੇ, ਰੈਵਿਨਿਉ ਕੇਸ, ਚੈੱਕ ਬਾਊਂਸ, ਕਰਿਮਨਲ ਐਗਜਕਿਊਸ਼ਨ ਅਤੇ ਟ੍ਰੈਫਿਕ ਚਲਾਨ ਆਦਿ ਕੇਸਾਂ ਦੀ ਇਸ ਲੋਕ ਅਦਾਲਤ ਵਿੱਚ ਸੁਣਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਬੈਂਕ ਲੋਨ ਕੇਸ, ਇਨਸ਼ਿਉਰੈਂਸ ਰਿਕਵਰੀ ਕੇਸਾਂ ਦੀ ਵੀ ਸੁਣਵਾਈ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਲੋਕ ਅਦਾਲਤ ਫੈਸਲਾ ਹੋਏ ਕੇਸਾਂ ਦੀ ਕੋਈ ਅਪੀਲ ਦਲੀਲ ਨਹੀਂ ਹੁੰਦੀ ਹੈ ਲੋਕ ਅਦਾਲਤ ਵਿੱਚ ਹੋਏ ਫੈਸਲੇ ਨੂੰ ਡਿਕਰੀ ਦੀ ਮਾਨਤਾ ਪ੍ਰਾਪਤ ਹੈ ਅਤੇ ਇਹ ਫੈਸਲੇ ਤਸੱਲੀਬਖਸ਼ ਹੁੰਦੇ ਹਨ ਅਤੇ ਧਿਰਾਂ ਨੂੰ ਮੁੱਕਦਮੇ ਬਾਜੀ ਤੋਂ ਮੁਕਤੀ ਮਿਲਦੀ ਹੈ। ਇਸ ਮੌਕੇ ਉਨ੍ਹਾਂ ਬੋਲਦਿਆਂ ਦੱਸਿਆ ਕਿ ਜੇਕਰ ਕਿਸੇ ਵੀ ਵਿਅਕਤੀ ਨੂੰ ਇਸ ਲੋਕ ਅਦਾਲਤ ਸਬੰਧੀ ਕੋਈ ਵੀ ਲੋੜੀਂਦੀ ਜਾਣਕਾਰੀ ਚਾਹੀਦੀ ਹੋਵੇ ਤਾਂ ਉਹ ਹਰੇਕ ਕੰਮ ਕਾਜ ਵਾਲੇ ਦਿਨ ਦਫ਼ਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਨਾਲ ਸੰਪਰਕ ਕਰ ਸਕਦਾ ਹੈ। ਆਮ ਜਨਤਾ ਨੂੰ ਇਹ ਅਪੀਲ ਕੀਤੀ ਕਿ ਲੋਕ ਅਦਾਲਤ ਵਿੱਚ ਆਪਣੇ ਕੇਸ ਲਗਵਾਓ ਅਤੇ ਆਪਣਾ ਸਮਾਂ ਅਤੇ ਧਨ ਬਚਾਓ ਇਸ ਦੇ ਨਾਲ ਹੀ ਜੱਜ ਸਾਹਿਬ ਨੇ ਇਹ ਨਾਅਰਾ ਵੀ ਦਿੱਤਾ ਕਿ ਝਗੜੇ ਮੁਕਾਓ ਪਿਆਰ ਵਧਾਓ ਲੋਕ ਅਦਾਲਤਾਂ ਰਾਹੀਂ ਛੇਤੀ ਅਤੇ ਸਸਤਾ ਨਿਆਂ ਪਾਓ।

# ਸਿਹਤ ਵਿਭਾਗ ਵਲੋਂ ਆਮ ਆਦਮੀ ਕਲੀਨਿਕਾਂ ਦੀ ਅਚਨਚੇਤ ਚੈਕਿੰਗ

### ਸਿਹਤ ਵਿਭਾਗ ਅੰਮ੍ਰਿਤਸਰ ਲੋਕਾਂ ਦੀ ਨਿਰੋਈ ਸਿਹਤ ਲਈ ਹਮੇਸ਼ਾਂ ਹੀ ਵਚਨਬੱਧ : ਸਿਵਲ ਸਰਜਨ ਡਾ ਕਿਰਨਦੀਪ ਕੌਰ



**ਚੌਂਕ ਮਹਿਤਾ 3 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਡਾ ਕਿਰਨਦੀਪ ਕੌਰ ਵਲੋਂ ਅੱਜ ਵੱਖ-ਵੱਖ ਆਮ ਆਦਮੀਂ ਕਲੀਨਿਕਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਣ ਆਮ ਆਦਮੀਂ ਕਲੀਨਿਕ ਪਿੰਕ ਪਲਾਜਾ, ਗੇਟ ਖਜਾਨਾਂ, ਗੇਟ ਹਕੀਮਾਂ ਅਤੇ ਭਗਤਾਂਵਾਲਾ ਵਿਖੇ ਅਚਨਚੇਤ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਣ ਸਟਾਫ ਦੀ ਹਾਜਰੀ, ਓ.ਪੀ.ਡੀ. ਸੇਵਾਵਾਂ, ਦਵਾਈਆਂ, ਲੈਬ ਟੈਸਟ ਅਤੇ ਆਨ ਲਾਈਨ ਰਿਕਾਰਡ ਦੀ ਜਾਂਚ ਕੀਤੀ ਗਈ। ਇਸਤੋਂ ਇਲਾਵਾ ਮੌਕੇ ਤੇ ਮੌਜੂਦ ਮਰੀਜਾਂ ਕੋਲੋ ਪੁਛ-ਗਿਛ ਕੀਤੀ ਗਈ ਅਤੇ ਨਾਲ ਹੀ ਦਵਾਈ ਲੈਕੇ ਗਏ ਮਰੀਜਾਂ ਨੂੰ ਫੋਨ ਕਰਕੇ ਮਿਲ ਰਹੀਆਂ ਸਹੂਲਤਾਂ ਪ੍ਰਤੀ ਜਾਣਕਾਰੀ ਲਈ ਗਈ। ਇਸ ਪੜਤਾਲ ਉਪਰੰਤ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਕਿਹਾ ਸਿਹਤ ਵਿਭਾਗ ਅੰਮ੍ਰਿਤਸਰ ਲੋਕਾਂ ਦੀ ਨਿਰੋਈ ਸਿਹਤ ਲਈ ਹਮੇਸ਼ਾਂ ਹੀ ਵਚਨਬੱਧ ਹੈ। ਉਹਨਾਂ ਸਮੂਹ ਸਟਾਫ ਨੂੰ ਸਮੇਂ ਦੇ ਪਾਬੰਦ ਰਹਿਣ, ਸਾਫ ਸਫਾਈ ਦਾ ਧਿਆਨ ਰੱਖਣ, ਮਰੀਜਾਂ ਨਾਲ ਚੰਗਾ ਵਿਵਹਾਰ ਕਰਨ ਅਤੇ ਸੇਵਾ ਭਾਵ ਨਾਲ ਕੰਮ ਕਰਨ ਲਈ ਹਿਦਾਇਤਾਂ ਜਾਰੀ ਕੀਤੀਆਂ। ਇਸ ਮੌਕੇ ਜਿਲਾ੍ ਐਮ.ਈ.ਆਈ.ਓ. ਅਮਰਦੀਪ ਸਿੰਘ ਵੀ ਹਾਜਰ ਸਨ।

# ਜਨਮ ਦਿਨ ਮੁਬਾਰਕ





**ਪਰੀਨਾਜ਼ ਕੌਰ**

ਪਿਤਾ: ਦਮਨਪ੍ਰੀਤ ਸਿੰਘ

ਮਾਤਾ: ਅਮਨਜੋਤ ਕੌਰ

ਸੁਸ਼ਾਂਤ ਸਿਟੀ ਬਠਿੰਡਾ

ਨੂੰ ਸਤਵੇਂ ਜਨਮ ਦਿਨ ਦੀਆਂ ਅਦਾਰਾ ਆਵਾਜਿ ਕੌਮ ਵੱਲੋਂ ਲੱਖ-ਲੱਖ ਵਧਾਈਆਂ।

### ਫੀਲਡ ਪੱਤਰਕਾਰ ਐਸੋਸੀਏਸ਼ਨ ਸਬ ਡਵੀਜਨ

# ਬਾਬਾ ਬਕਾਲਾ ਸਾਹਿਬ ਵੱਲੋਂ ਸਨਮਾਨ ਸਮਾਗਮ





**ਚੌਕ ਮਹਿਤਾ, 3 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਫੀਲਡ ਪੱਤਰਕਾਰ ਐਸੋਸੀਏਸ਼ਨ, ਸਬ ਡਵੀਜਨ ਬਾਬਾ ਬਕਾਲਾ ਸਾਹਿਬ ਵੱਲੋਂ ਇਕ ਸਨਮਾਨ ਸਮਾਗਮ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ, ਜਿਸ ਵਿੱਚ ਪਿਛਲੇ ਸਮੇਂ ਦੌਰਾਨ ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਜੇਤੂ ਰਹੀ ਸਮੁੱਚੀ ਟੀਮ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰੈੱਸ ਕੱਲਬ ਅੰਮ੍ਰਿਤਸਰ ਦੇ ਪ੍ਰਧਾਨ ਰਜੇਸ਼ ਗਿੱਲ, ਸੀਨੀਅਰ ਮੀਤ ਪ੍ਰਧਾਨ ਜਸਵੰਤ ਸਿੰਘ ਜੱਸ, ਮੀਤ ਪ੍ਰਧਾਨ ਵਿਪਨ ਰਾਣਾ, ਖਜ਼ਾਨਚੀ ਕਮਲ ਪਹਿਲਵਾਨ ਅਤੇ ਵਿਸ਼ਾਲ ਸ਼ਰਮਾ ਨੇ ਸਭ ਤੋਂ ਪਹਿਲਾਂ ਇਤਿਹਾਸਕ ਗੁਰਦੁਆਰਾ ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਵਿਖੇ ਨਤਮਸਤਕ ਹੋਕੇ ਗੁਰੂ ਘਰ ਦਾ ਸ਼ੁਕਰਾਨਾ ਕੀਤਾ। ਜਿੱਥੇ ਕਿ ਮੈਨੇਜਰ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ, ਮੀਤ ਮੈਨੇਜਰ ਭਾਈ ਸ਼ੇਰ ਸਿੰਘ, ਸਾਬਕਾ ਮੀਤ ਮੈਨੇਜਰ ਭਾਈ ਮੋਹਣ ਸਿੰਘ ਕੰਗ, ਇੰਚਾਰਜ ਸੁਖਵਿੰਦਰ ਸਿੰਘ ਬੁਤਾਲਾ ਨੇ ਪ੍ਰੈੱਸ ਕਲੱਬ ਦੇ ਅਹੁਦੇਦਾਰਾਂ ਨੂੰ ਸਨਮਾਨਿਤ ਕੀਤਾ। ਉਪਰੰਤ ਸਮੁੱਚੀ ਟੀਮ ਨੇ ਉਕਤ ਚੋਣ ਦੌਰਾਨ ਫੀਲਡ ਪੱਤਰਕਾਰ ਐਸੋਸੀਏਸ਼ਨ ਸਬ ਡਵੀਜਨ ਬਾਬਾ ਬਕਾਲਾ ਸਾਹਿਬ ਵੱਲੋਂ ਰੱਖੇ ਗਏ ਸਮਾਗਮ ਦੌਰਾਨ ਪੁੱਜਕੇ ਸਮੂਹ ਅਹੁਦੇਦਾਰਾਂ/ਮੈਂਬਰਾਂ ਵੱਲੋਂ ਚੋਣਾਂ ਦੌਰਾਨ ਦਿੱਤੇ ਗਏ ਵੱਡੇ ਸਹਿਯੋਗ ਲਈ ਪੱਤਰਕਾਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਫੀਲਡ ਪੱਤਰਕਾਰ ਐਸੋਸੀਏਸ਼ਨ ਸਬ ਡਵੀਜਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸ: ਸ਼ੈਲੇਂਦਿਰਜੀਤ ਸਿੰਘ ਰਾਜਨ ਨੇ ਸਾਰੇ ਹੀ ਆਏ ਅਹੁਦੇਦਾਰਾਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ। ਇਸ ਮੌਕੇ ਪ੍ਰੈੱਸ ਕੱਲਬ ਅੰਮ੍ਰਿਤਸਰ ਦੇ ਪ੍ਰਧਾਨ ਰਜੇਸ਼ ਗਿੱਲ ਅਤੇ ਸੀਨੀਅਰ ਮੀਤ ਪ੍ਰਧਾਨ ਜਸਵੰਤ ਸਿੰਘ ਜੱਸ ਨੇ ਕਿਹਾ ਕਿ ਪ੍ਰੈੱਸ ਕਲੱਬ, ਅੰਮ੍ਰਿਤਸਰ ਵੱਲੋਂ ਬਹੁਤ ਜਲਦ ਹੀ ਸਥਾਨ ਪੱਤਰਕਾਰਾਂ ਨੂੰ ਨੁਮਾਇੰਗੀ ਦਿੱਤੀ ਜਾਵੇਗੀ ਅਤੇ ਪ੍ਰੈਸ ਕਲੱਬ ਦੇ ਮੈਂਬਰ ਵਜੋਂ ਨਵੇਂ ਸ਼ਨਾਖਤੀ ਕਾਰਡ ਵੀ ਜਾਰੀ ਕੀਤੇ ਜਾਣਗੇ, ਪੱਤਰਕਾਰਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਯਤਨਸ਼ੀਲ ਰਹਾਂਗੇ। ਇਸ ਮੌਕੇ ਫੀਲਡ ਪੱਤਰਕਾਰ ਐਸੋਸੀਏਸ਼ਨ ਸਬ ਡਵੀਜਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸ਼ੈਲੇਂਦਿਰਜੀਤ ਸਿੰਘ ਰਾਜਨ, ਸੂਬਾ ਪ੍ਰਧਾਨ ਹਰਜੀਤਪ੍ਰੀਤ ਸਿੰਘ ਕੰਗ, ਮਹਿਤਾ ਇਕਾਈ ਦੇ ਪ੍ਰਧਾਨ ਕੈਪਟਨ ਸਿੰਘ, ਧਰਮਿੰਦਰ ਸਿੰਘ ਭੰਮਰਾ, ਪਰਮਜੀਤ ਸਿੰਘ ਰੱਖੜਾ, ਗੌਰਵ ਜੋਸ਼ੀ, ਗੁਰਪ੍ਰੀਤ ਸਿੰਘ, ਲੱਖਾ ਸਿੰਘ ਅਜ਼ਾਦ, ਰਣਜੀਤ ਸਿੰਘ ਸੰਧੂ, ਬਲਵਿੰਦਰ ਸਿੰਘ ਅਠੌਲਾ, ਸੁਸ਼ੀਲ ਅਰੋੜਾ, ਨਿਰਮਲ ਸਿੰਘ ਸੰਘਾ, ਸਤਨਾਮ ਸਿੰਘ ਨੌਰੰਗਪੁਰੀ, ਸੁਰਜੀਤ ਸਿੰਘ ਬੁਤਾਲਾ, ਸੁਖਵਿੰਦਰ ਸਿੰਘ ਗਿੱਲ, ਬਾਬਾ ਸੁਖਵੰਤ ਸਿੰਘ ਚੰਨਣਕੇ, ਰਾਜਦੀਪ ਸਿੰਘ ਮਹਿਤਾ, ਸਕੱਤਰ ਸਿੰਘ ਪੁਰੇਵਾਲ, ਕਮਲਜੀਤ ਸਿੰਘ ਹੈਪੀ, ਸ਼ਰਨਜੀਤ ਸਿੰਘ ਸੰਘਾ, ਹਰਮਨਪ੍ਰੀਤ ਸਿੰਘ ਗਿੱਲ, ਗੁਰਮੁੱਖ ਸਿੰਘ ਪੱਡਾ, ਅਮਰਜੀਤ ਸਿੰਘ ਬੁੱਟਰ, ਅਮਰਵੀਰ ਸਿੰਘ ਅਜ਼ਾਦ ਆਦਿ ਸ਼ਾਮਿਲ ਸਨ।

**ਪ੍ਰੈੱਸ ਕਲੱਬ ਅੰਮ੍ਰਿਤਸਰ ਦੇ ਨਵੇਂ ਪ੍ਰਧਾਨ ਰਜੇਸ਼ ਗਿੱਲ, ਸੀ: ਮੀਤ ਪ੍ਰਧਾਨ ਜਸਵੰਤ ਸਿੰਘ ਜੱਸ ਸਮੇਤ ਸਮੁੱਚੀ ਟੀਮ ਸਨਮਾਨਿਤ**

### ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਅਤੇ ਬਾਬਾ ਬੁੱਢਾ ਸਾਹਿਬ ਜੀ ਦੇ ਗ੍ਰੰਥੀ ਸਥਾਪਨਾ ਦਿਵਸ ਮਨਾਉਣ ਲਈ

# ਗੁਰਮਤਿ ਰਾਗੀ ਗ੍ਰੰਥੀ ਸਭਾ ਰਜਿ ਜਿਲਾ ਮੋਗਾ ਨੇ ਕੀਤੀ ਮੀਟਿੰਗ



ਮੋਗਾ 3 ਸਤੰਬਰ( ਸੁਖਮੰਦਰ ਸਿੰਘ ਸ਼ਾਤ )ਗੁਰਮਤਿ ਰਾਗੀ ਗ੍ਰੰਥੀ ਸਭਾ ਰਜਿ:77 ਜ਼ਿਲ੍ਹਾ ਮੋਗਾ ਪੰਜਾਬ 30/08/2024 ਨੂੰ ਗੁਰਦੁਆਰਾ ਸ੍ਰੀ ਨਾਮਦੇਵ ਭਵਨ ਅਕਾਲਸਰ ਰੋਡ ਮੋਗਾ ਸ਼ਹਿਰ ਦੇ ਸਾਰੇ ਸਿੰਘਾਂ ਵਲੋਂ ਮੀਟਿੰਗ, ਸ਼ਾਮ 4 : ਵਜੇ ਹੋਈ ਜਿਸ ਵਿੱਚ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਅਤੇ ਬਾਬਾ ਬੁੱਢਾ ਸਾਹਿਬ ਜੀ ਗ੍ਰੰਥੀ ਸਥਾਪਨਾ ਦਿਵਸ ਮਨਾਉਣ ਲਈ ਗੁਰਮਤਿ ਵਿਚਾਰਾਂ ਕੀਤੀਆਂ ਗਈਆਂ ਜਿਸ ਵਿੱਚ ( 04 /09/2024) ਦਿਨ ਬੁੱਧਵਾਰ ਨੂੰ ਗੁਰਦੁਆਰਾ ਸ੍ਰੀ ਨਾਮਦੇਵ ਭਵਨ ਅਕਾਲਸਰ ਰੋਡ ਮੋਗਾ ਵਿਖੇ ਸ਼ਾਮ 7: ਵਜੇ ਤੋਂ ਰਾਤ 9:30 ਵਜੇ ਤੱਕ ਕੀਰਤਨ ਦਰਬਾਰ ਕਰਵਾਇਆ ਜਾਵੇਗਾ ਜਿਸ ਵਿੱਚ ਗੁਰਮਤਿ ਰਾਗੀ ਗ੍ਰੰਥੀ ਸਭਾ ਰਜਿ ਪੰਜਾਬ,ਸ਼ਹਿਰ ਮੋਗਾ ਦੇ ਰਾਗੀ ਸਿੰਘ, ਅਤੇ ,ਕਥਾਵਾਚਕ , ਗ੍ਰੰਥੀ ਸਿੰਘ, ਗੁਰਬਾਣੀ ਕਥਾ ਕੀਰਤਨ ਸੁਣਾ ਕੇ ਸਮੂਹ ਸੰਗਤਾਂ ਨੂੰ ਨਿਹਾਲ ਕਰਨਗੇ, ਅਤੇ ਨਾਲ ਹੀ ਮੋਗਾ ਸ਼ਹਿਰ ਦੇ ਸਿੰਘਾਂ ਨੂੰ ਆਈ ਕਾਰਡ ਵੰਡੇ ਗਏ, ਇਸ ਸਮੇਂ ਸ਼ਹਿਰੀ ਪ੍ਰਧਾਨ ਰਾਗੀ ਸੋਹਣ ਸਿੰਘ ਖਾਲਸਾ ਮੋਗੇ ਵਾਲੇ, ਚੈਅਰਮੈਨ ਮਨਜੀਤ ਸਿੰਘ ਟੀਚਰ ਕਾਲੋਨੀ, ਸ਼ਹਿਰੀ ਮੀਤ ਪ੍ਰਧਾਨ ਰਣਵੀਰ ਸਿੰਘ ਖੋਸਾ, ਵਾਇਸ ਜਨਰਲ ਸਕੱਤਰ ਭਾਈ ਰਸ਼ਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਸਤਨਾਮ ਸਿੰਘ ਬੁੱਕਣ ਵਾਲਾ, ਮੁੱਖ ਸਲਾਹਕਾਰ ਕਰਮਜੀਤ ਸਿੰਘ ਰੋਡੇ, ਵਾਇਸ ਚੈਅਰਮੈਨ ਮਹਿੰਗਾ ਸਿੰਘ, ਪ੍ਰੈਸ ਸਕੱਤਰ ਬਲਵੀਰ ਸਿੰਘ ਪਾਂਧੀ, ਵਾਇਸ ਸਲਾਹਕਾਰ ਭਾਈ ਆਤਮਾ ਸਿੰਘ, ਭਾਈ ਬਲਜੀਤ ਸਿੰਘ ਖਾਲਸਾ, ਬਾਂਬਾ ਮੁਖਤਿਆਰ ਸਿੰਘ, ਸੀਨੀਅਰ ਮੈਬਰ ਭਾਈ ਸੁਖਦੇਵ ਸਿੰਘ, ਮੈਂਬਰ ਬਲਵੀਰ ਸਿੰਘ, ਮੈਬਰ ਹਰਜੀਤ ਸਿੰਘ, ਵਾਇਸ ਪ੍ਰੈਸ ਸਕੱਤਰ ਉਂਕਾਰ ਸਿੰਘ, ਅਰਸ਼ਦੀਪ ਸਿੰਘ, ਸੁਖਚੈਨ ਸਿੰਘ ਜ਼ਖ਼ਮੀ, ਪ੍ਰਚਾਰ ਸਕੱਤਰ ਗੁਰਪ੍ਰੀਤ ਸਿੰਘ ਪ੍ਰੀਤ ਹਾਜ਼ਰ ਸਨ ਇਸ ਦੀ ਜਾਣਕਾਰੀ ਪ੍ਰੈਸ ਸਕੱਤਰ ਭਾਈ ਬਲਵੀਰ ਸਿੰਘ ਪਾਂਧੀ ਨੇ ਦਿੱਤੀ।

# ਡਾ. ਸ਼ੇਰਪੁਰ ਨੇ ਐਮ,ਐਲ,ਏ ਨਛੱਤਰ ਪਾਲ ਨੂੰ ਮਿਲ ਕੇ ਦਲਿਤਾਂ ਦੀਆਂ ਮੰਗਾਂ ਤੋਂ ਜਾਣੂ ਕਰਵਾਇਆ



**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )**-ਡਾਕਟਰ ਜਗਜੀਵਨ ਸਿੰਘ ਸ਼ੇਰਪੁਰ ਇੰਚਾਰਜ ਬਸਪਾ ਜਿਲ੍ਹਾ ਬਰਨਾਲਾ ਵੱਲੋਂ ਬਹੁਜਨ ਸਮਾਜ ਪਾਰਟੀ ਦੇ ਨਿਧੜਕ ਐਮ ਐਲ ਏ ਡਾਕਟਰ ਨਛੱਤਰ ਪਾਲ ਨਵਾਂ ਸ਼ਹਿਰ ਨੂੰ ਪੰਜਾਬ ਭਵਨ ਵਿੱਚ ਮਿਲਕੇ ਗਰੀਬ ਲੋਕਾਂ ਨਾਲ ਹੋ ਰਹੇ ਧੱਕੇ ਸੰਬੰਧਿਤ ਮੈਮੋਰੈਂਡਮ ਦਿੱਤਾ ਗਿਆ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਡਾ. ਜਗਜੀਵਨ ਸਿੰਘ ਸੇਰਪੁਰ ਨੇ ਕਿਹਾ ਕਿ ਐਮ ਐਲ ਏ ਡਾਕਟਰ ਨਛੱਤਰ ਪਾਲ ਨੂੰ ਮਿਲ ਕੇ ਬਹੁਤ ਚੰਗਾ ਲੱਗਾ ਉਨ੍ਹਾਂ ਨੇ ਸਾਡੇ ਦਲਿਤ ਭਾਈਚਾਰੇ ਦੀਆਂ ਜਾਇਜ਼ ਮੰਗਾ ਨੂੰ ਮਾਨ ਸਰਕਾਰ ਤੋਂ ਜਲਦੀ ਲਾਗੂ ਕਰਵਾਉਣ ਦਾ ਬਚਨ ਦਿੱਤਾ। ਉਨ੍ਹਾਂ ਕਿਹਾ ਕਿ ਦਲਿਤ ਭਾਈਚਾਰੇ ਦੀਆਂ ਜਾਇਜ਼ ਮੰਗਾ ਵਿਚ ਗਰੀਬਾਂ ਨੂੰ ਲਾਲ ਲਕੀਰ ਅੰਦਰ ਆਉਂਦੇ ਮਕਾਨਾਂ ਦੀ ਮਾਲਕੀਅਤ, ਪੱਕੇ ਰੋਜ਼ਗਾਰ ਤੇ ਘਰ, ਕਿਸਾਨਾਂ ਦੀ ਤਰਜ ਤੇ ਕਰਜੇ ਮੁਆਫ਼, ਘਰ ਘਰ ਨੌਕਰੀਆਂ, ਪਿੰਡਾਂ ਵਿੱਚ ਜਾਤੀ ਵਿਤਕਰਾ ਬੰਦ ਕੀਤਾ ਜਾਵੇ, ਜਿੰਨਾ ਲੋਕਾਂ ਦੇ ਘਰ ਢੈਅ ਗਏ ਨੇ ਉਹ ਨਹੀਂ ਬਣਾਏ ਗਏ, ਉਨ੍ਹਾਂ ਨੂੰ 5-5 ਮਰਲੇ ਪਲਾਟਦੇਣ ਦਾ ਵਾਅਦਾ ਪੂਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੰਚਾਇਤੀ ਰਿਜਰਵ ਕੋਟੈ ਦੀਆਂ ਜਮੀਨਾਂ ਪੱਕੇ ਤੌਰ ਤੇ ਗਰੀਬਾਂ ਦਿੱਤੀਆ ਜਾਣ ਅਤੇ ਲੈਂਡ ਸੀਲਿੰਗ ਐਕਟ ਨੂੰ ਲਾਗੂ ਕੀਤਾ ਜਾਵੇ, ਨਜ਼ੂਲ ਜਮੀਨਾਂ ਦੀ ਮਾਲਕੀਅਤ, ਮਨਰੇਗਾ ਮਜਦੂਰੀ 1000 ਰੁਪਏ, ਦਫਤਰਾਂ ਵਿੱਚ ਗਰੀਬ ਲੋਕਾਂ ਦੀ ਖਜਲ ਖੁਆਰੀ ਬੰਦ ਕੀਤੀ ਜਾਵੇ ਨਹੀਂ ਤਾਂ ਬਹੁਜਨ ਸਮਾਜ ਦੇ ਲੋਕ ਮਾਨ ਸਰਕਾਰ ਨੂੰ ਜਲਦੀ ਹੀ ਚਲਦਾ ਕਰ ਦੇਣਗੇ।

## ਪੰਜਾਬ ਨੂੰ ਹਰਾ/ਭਰਾ ਬਨਾਉਣ ਅਤੇ ਮਨੁੱਖਤਾ ਨੂੰ ਬਚਾਉਣ ਲਈ, ਆਓ ਵੱਧ ਚੜ੍ਹ ਕੇ ਬੂਟੇ ਲਾਈਏ: ਪ੍ਰੋ ਓਂਕਾਰ ਸਿੰਘ ਸਿੱਧੂ



ਧੂਰੀ ( ਰਣਜੀਤ ਸਿੰਘ ਪੇਧਨੀ ) ਦਰੱਖਤਾਂ ਦੀ ਘਾਟ ਦੇ ਕਾਰਣ ਅੱਜ ਦਿਨੋ-ਦਿਨ ਪ੍ਰਦੂਸ਼ਣ ਵੱਧ ਰਿਹਾ ਹੈ, ਜਿਸ ਕਰਕੇ ਮਨੁੱਖਤਾ ਦੀ ਹੋਂਦ ਨੂੰ ਵੱਡਾ ਖਤਰਾ ਖੜਾ ਹੋ ਗਿਆ ਹੈ, ਉੱਥੇ ਪਸ਼ੂ ਤੇ ਪੰਛੀਆਂ ਦਾ ਜਨ-ਜੀਵਨ ਵੀ ਖਤਰੇ 'ਚ ਹੈ। ਸਾਨੂੰ ਸਾਰਿਆਂ ਨੂੰ ਚਾਹੀਦਾ ਹੈ ਕਿ ਅਸੀਂ ਵੱਧ ਤੋਂ ਵੱਧ ਬੂਟੇ/ਪੌਦੇ ਲਾਈਏ, ਪੰਜਾਬ ਨੂੰ ਹਰਾ/ਭਰਾ ਬਨਾਈਏ ਅਤੇ ਮਨੁੱਖਤਾ ਤੇ ਜੀਵ-ਜੰਤੂਆਂ ਨੂੰ ਬਚਾਈਏ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਓਐਸਡੀ ਮੁੱਖ ਮੰਤਰੀ ਪੰਜਾਬ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਫੁੱਲ ਅਤੇ ਫੁੱਲਦਾਰ ਬੂਟੇ ਲਾਉਣ ਦੀ ਜ਼ੋਰਦਾਰ ਅਪੀਲ ਕੀਤੀ ਕਰਦਿਆਂ ਕਿਹਾ ਕਿ ਅੱਜ ਰੁੱਖਾਂ ਦੀ ਘਾਟ ਦੇ ਕਾਰਣ ਪ੍ਰਦੂਸ਼ਣ ਦੀ ਗੰਭੀਰ ਸਮੱਸਿਆ ਪੈਦਾ ਹੋ ਗਈ ਹੈ, ਜਿਸ ਕਰਕੇ ਮਨੁੱਖ ਅਨੇਕਾਂ ਬੀਮਾਰੀਆਂ ਦਾ ਸ਼ਿਕਾਰ ਹੋ ਰਿਹਾ ਹੈ, ਉਥੇ ਸਾਡੀ ਆਉਣ ਵਾਲੀ ਪੀੜੀ ਅਤੇ ਪਸ਼ੂ/ਪੰਛੀ ਵੀ ਕੁਪੋਸ਼ਨ ਦਾ ਸ਼ਿਕਾਰ ਹੋ ਰਹੇ ਹਨ, ਆਕਸੀਜ਼ਨ ਦੀ ਘਾਟ ਦੇ ਕਾਰਣ ਮੌਤਾਂ ਵੀ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਬੂਟੇ ਲਾਓ ਅਤੇ ਮਨੁੱਖਤਾ ਬਚਾਓ' ਦਾ ਨਾਅਰਾ ਦਿੰਦੇ ਹੋਏ ਪੰਜਾਬ ਦੇ ਲੋਕਾਂ ਨੂੰ ਵੱਧ ਤੋਂ ਵੱਧ ਬੂਟੇ ਲਾਉਣ ਅਤੇ ਬੂਟਿਆਂ ਦੀ ਦੇਖ/ਭਾਲ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਆਓ, ਆਪਾਂ ਸਾਰੇ ਰਲ ਮਿਲ ਕੇ ਫੁੱਲਾਂ ਅਤੇ ਫੱਲਾਂ ਵਾਲੇ ਬੂਟੇ/ਦਰੱਖਤ ਲਾਈਏ ਅਤੇ ਮਨੁੱਖਤਾ ਨੂੰ ਬਚਾਈ, ਉਨ੍ਹਾਂ ਦੀ ਸੰਭਾਲ ਕਰੀਏ ਅਤੇ ਹੋਰਨਾਂ ਨੂੰ ਵੀ ਬਣੇ ਲਾਉਣ ਲਈ ਪ੍ਰੇਰਿਤ ਕਰੀਏ। ਇਸ ਮੌਕੇ ਉਨ੍ਹਾਂ ਦੇ ਨਾਲ ਜਿਲ੍ਹਾ ਪ੍ਰਧਾਨ ਗੁਰਮੇਲ ਸਿੰਘ ਘਰਾਚੋਂ, ਆਪ ਆਗੂ ਕਰਮਜੀਤ ਸਿੰਘ ਕਾਂਝਲਾ, ਆਪ ਆਗੂ ਰਣਜੋਧ ਸਿੰਘ ਕਾਂਝਲਾ, ਮਨਜੀਤ ਸਿੰਘ ਲੱਡਾ ਤੋਂ ਇਲਾਵਾ ਆਪ ਆਗੂ ਹਾਜ਼ਰ ਸਨ।

## ਸ.ਸ.ਸ.ਸਕੂਲ ਕੋਟ ਬਾਬਾ ਦੀਪ ਸਿੰਘ (ਲੜਕੇ) ਦੇ ਉਭਰਦੇ ਕਵੀਆਂ ਨੂੰ ਪੰਜਾਬ ਭਵਨ ਸਰੀ ਕਨੈਡਾ ਵਲੋ ਸਨਮਾਨਿਤ



**ਚੌਕ ਮਹਿਤਾ, 3 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ(ਲੜਕੇ) ਦੇ ਦੋ ਵਿਦਿਆਰਥੀ ਅਲੰਕਾਰਜੀਤ ਸਿੰਘ (ਦਸਵੀਂ ਬੀ) ਅਤੇ ਭਵਦੀਪ ਸਿੰਘ (ਅੱਠਵੀਂ ਬੀ) ਨੇ ਪ੍ਰਿੰਸੀਪਲ ਸ੍ਰੀ ਮਤੀ ਮੋਨਿਕਾ ਜੀ ਅਤੇ ਗਾਈਡ ਅਧਿਆਪਕ ਸ੍ਰੀ ਮਤੀ ਨਿਮਰਤਪਾਲ ਕੌਰ ਦੇ ਮਾਰਗ ਦਰਸ਼ਨ ਸਦਕਾ ਆਪਣੀਆਂ ਲਿਖੀਆਂ ਕਵਿਤਾਵਾਂ ਵਿਚੋਂ ਸ੍ਰੀ ਸੁੱਖੀ ਬਾਠ ਜੀ ਸੰਸਥਾਪਕ ਪੰਜਾਬ ਭਵਨ ਸਰੀ ਕਨੈਡਾ ਦੇ ਪੰਜਾਬੀ ਭਾਸ਼ਾ ਨੂੰ ਪ੍ਰਫੁਲਿਤ ਕਰਨ ਲਈ ਕੀਤੇ ਜਾ ਰਹੇ ਉਪਰਾਲੇ ਵਿੱਚ ਹਰ ਸਾਲ ਨਵੀਆਂ ਕਲਮਾਂ ਨਵੀਂ ਉਡਾਣ ਪੁਸਤਕ ਛਾਪੀ ਜਾਂਦੀ ਹੈ ਜਿਸ ਵਿਚ ਨਵੇਂ ਉੱਭਰ ਰਹੇ ਕਵੀਆਂ ਦੀਆਂ ਰਚਨਾਵਾਂ ਨੂੰ ਪ੍ਰਕਾਸ਼ਿਤ ਕੀਤਾ ਜਾਂਦਾ ਹੈ ਇਸ ਕੜੀ ਵਿੱਚ ਇਹਨਾ ਦੋਵਾ ਵਿਦਿਆਰਥੀਆ ਦੀਆਂ ਕਵਿਤਾਵਾਂ ਪ੍ਰਕਾਸ਼ਿਤ ਹੋਈਆਂ ਅਤੇ ਉਹਨਾਂ ਨੂੰ ਪੰਜਾਬ ਭਵਨ ਸਰੀ ਕਨੇਡਾ ਵਲੋ ਮੈਡਲ, ਸਰਟੀਫੀਕੇਟ ਅਤੇ ਕਿਤਾਬ ਦੇ ਕੇ ਸਨਮਾਨਿਤ ਕੀਤਾ ਗਿਆ ਸਕੂਲ ਪ੍ਰਿੰਸੀਪਲ ਸ੍ਰੀ ਮਤੀ ਮੋਨਿਕਾ ਜੀ ਵਲੋ ਇਹਨਾ ਵਿਦਿਆਰਥੀਆ ਨੂੰ ਸਕੂਲ ਦੇ ਸਾਰੇ ਵਿਦਿਆਰਥੀਆ ਸਾਹਮਣੇ ਸਨਮਾਨਿਤ ਕਰਕੇ ਅਗਾਂਹ ਹੋਰ ਵਧੀਆ ਲਿਖਣ ਲਈ ਅਤੇ ਹੋਰ ਵਿਦਿਆਥੀਆਂ ਨੂੰ ਵੀ ਲਿਖਣ ਲਈ ਪ੍ਰੇਰਿਤ ਕੀਤਾ ਗਿਆ ਇਸ ਮੌਕੇ ਸ੍ਰੀ ਮਤੀ ਨਿਮਰਤਾਪਾਲ ਕੌਰ,ਸ੍ਰੀ ਮਤੀ ਮਨਜੀਤ ਕੌਰ,ਸ੍ਰੀ ਮਤੀ ਹਰਜੀਤ ਕੌਰ,ਸ੍ਰੀ ਪ੍ਰਦੀਪ ਕੁਮਾਰ,ਸ੍ਰੀ ਕਮਲ ਕੁਮਾਰ, ਸ੍ਰ ਸੁਖਦੇਵ ਸਿੰਘ,ਸ੍ਰੀ ਮਤੀ ਮਨਦੀਪ ਕੌਰ,ਸ੍ਰੀ ਮਤੀ ਬਬੀਤਾ ਧਵਨ ਅਤੇ ਸਮੂਹ ਸਟਾਫ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

### ਅੱਜ 4 ਸਤੰਬਰ ਨੂੰ ਪਹਿਲੇ ਪ੍ਰਕਾਸ਼ ਦਿਵਸ ’ਤੇ ਵਿਸ਼ੇਸ਼

# ਸਰਬ-ਸਾਂਝਾ ਧਰਮ ਗ੍ਰੰਥ: ਗੁਰੂ ਗ੍ਰੰਥ ਸਾਹਿਬ

## ਸੰਸਾਰ ਭਰ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ‘ਗੁਰੂ’ ਦਾ ਦਰਜਾ ਦੇ ਕੇ ਸਿੱਖ ਜਗਤ ਨੂੰ ਇਹਨਾਂ ਦੀ ਰਹਿਨੁਮਾਈ ਲੈਣ ਲਈ ਪ੍ਰੇਰਿਤ ਕਰਨ ਦੀ ਮਿਸਾਲ ਹੋਰ ਕਿਧਰੇ ਨਹੀਂ ਮਿਲਦੀ

**ਆਦਿ ਸ੍ਰੀ** ਗੁਰੂ ਗ੍ਰੰਥ ਸਾਹਿਬ, ਸਰਬ-ਸਾਂਝਾ ਧਰਮ ਗ੍ਰੰਥ ਵੀ ਹੈ ਅਤੇ ਇਸ਼ਟ ਵੀ। ਇਸ ਮਹਾਨ ਗ੍ਰੰਥ ਦੀ ਸੰਪਾਦਨਾ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਆਪ ਕੀਤੀ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸਤਿਗੁਰਾਂ ਅਤੇ ਸੰਤਾਂ ਭਗਤਾਂ ਦੀ ਬਾਣੀ ਨੂੰ ਇਕੱਤਰ ਕਰਕੇ ਸੰਮਤ 1658, ਸੰਨ 1601 ਈ: ਵਿੱਚ ਇਹ ਗ੍ਰੰਥ ਰਾਮਸਰ (ਅੰਮ੍ਰਿਤਸਰ) ਸਰੋਵਰ ਦੇ ਕਿਨਾਰੇ ਸੰਘਣੇ ਜੰਗਲ ਵਿੱਚ ਇਕਾਂਤ ਜਗ੍ਹਾ ਤੇ ਤੰਬੂ ਲਗਵਾ ਕੇ ਭਾਈ ਗੁਰਦਾਸ ਜੀ ਤੋਂ ਲਿਖਵਾਉਣਾ ਅਰੰਭਿਆ। ਇਸ ਗ੍ਰੰਥ ਵਿੱਚ ਪਹਿਲਾਂ ਸਤਿਗੁਰਾਂ ਦੀ ਰਚਨਾ, ਆਪਣੀ ਰਚਨਾ ਅਤੇ ਜਗਤ ਪ੍ਰਸਿੱਧ ਭਗਤਾਂ ਦੀ ਬਾਣੀ ਦਰਜ ਕਰਵਾਈ ਤੇ ਨਾਲ ਹੀ ਬਾਣੀ ਨੂੰ ਰਾਗਾਂ ਵਿੱਚ ਸਮੇਂ ਦੇ ਅਨੁਕੂਲ ਲਿਖਵਾ ਕੇ ਤਿੰਨ ਸਾਲ ਦੀ ਕਰੜੀ ਮਿਹਨਤ ਦੁਆਰਾ 15 ਅਗਸਤ 1604 ਈ: ਨੂੰ ਸੰਪੂਰਨ ਹੋਇਆ। ਭਾਈ ਬੰਨੋ ਜੀ ਨੇ ਲਾਹੌਰ ਜਾ ਕੇ ਇਸ ਦੀ ਜਿਲਦਬੰਦੀ ਕਰਵਾਈ। ਆਦਿ ਗ੍ਰੰਥ ਦਾ ਪਹਿਲਾ ਪ੍ਰਕਾਸ਼ ਭਾਦੋਂ ਸੁਦੀ 1, ਸੰਮਤ 1661, 16 ਅਗਸਤ ਸੰਨ 1604 ਈ: ਨੂੰ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਵਿਖੇ ਕੀਤਾ ਗਿਆ। ਬਾਬਾ ਬੁੱਢਾ ਜੀ ਨੂੰ ਪਹਿਲਾ ਗ੍ਰੰਥੀ ਥਾਪਿਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਕਰਨ ਸਮੇਂ ਇਹ ਹੁਕਮਨਾਮਾ (ਮੁਖਵਾਕ) ਆਇਆ।

ਸੰਤਾ ਕੇ ਕਾਰਜਿ ਆਪਿ ਖਲੋਇਆ ਹਰਿ ਕੰਮੁ ਕਰਾਵਣਿ ਆਇਆ ਰਾਮ॥

**ਧਰਤਿ ਸੁਹਾਵੀ ਤਾਲੁ ਸੁਹਾਵਾ ਵਿਚਿ ਅੰਮ੍ਰਿਤ ਜਲੁ ਛਾਇਆ ਰਾਮ॥**
**ਅੰਮ੍ਰਿਤ ਜਲੁ ਛਾਇਆ ਪੂਰਨ ਸਾਜੁ ਕਰਾਇਆ ਸਗਲ ਮਨੋਰਥ ਪੂਰੇ॥**
**ਜੈ ਜੈ ਕਾਰੁ ਭਇਆ ਜਗ ਅੰਤਰਿ ਲਾਥੇ ਸਗਲ ਵਿਸੂਰੇ॥**
**ਪੂਰਨ ਪੁਰਖ ਅਚੁਤ ਅਬਿਨਾਸੀ ਜਸੁ ਵੇਦ ਪੁਰਾਣੀ ਗਾਇਆ॥**
**ਅਪਨਾ ਬਿਰਦੁ ਰਖਿਆ ਪਰਮੇਸਰਿ ਨਾਨਕ ਨਾਮੁ ਧਿਆਇਆ॥1॥7॥10॥**

**(ਸੂਹੀ ਮਹਲਾ 5, ਅੰਗ 783)**

ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਛੇ ਗੁਰੂ ਸਾਹਿਬਾਨ (ਗੁਰੂ ਨਾਨਕ ਦੇਵ, ਗੁਰੂ ਅੰਗਦ ਦੇਵ, ਗੁਰੂ ਅਮਰਦਾਸ, ਗੁਰੂ ਰਾਮਦਾਸ, ਗੁਰੂ ਅਰਜਨ ਦੇਵ ਤੇ ਗੁਰੂ ਤੇਗ਼ ਬਹਾਦਰ), 15 ਭਗਤਾਂ, 11 ਭੱਟਾਂ ਤੇ 4 ਗੁਰੂ ਘਰ ਦੇ ਨਿਕਟਵਰਤੀ ਗੁਰਸਿੱਖਾਂ ਦੀ ਪਵਿੱਤਰ ਬਾਣੀ ਸਮੇਤ ਕੁੱਲ 36 ਮਹਾਂਪੁਰਸ਼ਾਂ ਦੀ ਰਚਿਤ ਬਾਣੀ ਦਰਜ ਹੈ। ਇਸ ਪਾਵਨ ਗ੍ਰੰਥ ਦੇ 1430 ਪੰਨੇ (ਅੰਗ) ਹਨ ਤੇ ਕੁੱਲ ਬਾਣੀ ਦਾ ਜੋੜ 5871 ਸ਼ਬਦ, ਪਉੜੀਆਂ ਅਤੇ ਸਲੋਕ ਹਨ। ਇਹ ਗਿਣਤੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੁਆਰਾ ਪ੍ਰਕਾਸ਼ਿਤ ਗੁਰੂ ਗ੍ਰੰਥ ਰਤਨਾਵਲੀ ਅਨੁਸਾਰ ਹੈ। ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਚੌਥੀ ਵਾਰ 1981, ਪੰਨਾ 437 ਤੇ ਕੁੱਲ ਗਿਣਤੀ 5867 ਦਿੱਤੀ ਹੈ। ਇਸ ਗ੍ਰੰਥ ਵਿੱਚ ਭਗਤਾਂ ’ਚੋਂ ਕਬੀਰ ਜੀ (ਜੁਲਾਹਾ), ਨਾਮਦੇਵ ਜੀ (ਛੀਂਬਾ), ਰਵਿਦਾਸ ਜੀ (ਚਮਾਰ), ਸੈਣ ਜੀ (ਨਾਈ), ਸਧਨਾ ਜੀ (ਕਸਾਈ) ਮੁਸਲਮਾਨਾਂ ਦੀ ਬਾਣੀ ਵੀ ਦਰਜ ਹੈ। ਗੁਰੂ ਗ੍ਰੰਥ ਸਾਹਿਬ ਪੰਜ ਪ੍ਰਮੁੱਖ ਭਾਸ਼ਾਵਾਂ ਗੁਰਮੁਖੀ, ਹਿੰਦੀ, ਸੰਸਕ੍ਰਿਤ, ਫ਼ਾਰਸੀ ਤੇ ਅਰਬੀ ਅਤੇ ਹੋਰ ਕਈ ਭਾਸ਼ਾਵਾਂ ਵਿੱਚ ਹੈ।



ਸ੍ਰੀ ਗੁਰੂ ਅਰਜਨ ਦੇਵ ਜੀ ਨੇ ‘ਆਦਿ ਗ੍ਰੰਥ’ ਦੇ ਸਰੂਪ ਨੂੰ ਤਿੰਨ ਭਾਗਾਂ ਵਿੱਚ ਵੰਡਿਆ ਹੋਇਆ ਹੈ। ਪਹਿਲਾ ਭਾਗ ਪੰਨਾ 1 ਤੋਂ 13 ਤੱਕ ਜਿਸ ਵਿੱਚ ਜਪੁਜੀ ਸਾਹਿਬ, ਸੋ ਦਰੁ ਰਹਰਾਸਿ ਤੇ ਸੋਹਿਲਾ ਤਿੰਨੇ ਨਿੱਤ-ਨੇਮ ਦੀਆਂ ਬਾਣੀਆਂ ਹਨ। ਦੂਜੇ ਭਾਗ ’ਚ ਪੰਨਾ (ਅੰਗ) 14 ਤੋਂ 1352 ਤੱਕ ਸਾਰੀ ਬਾਣੀ 31 ਰਾਗਾਂ ਵਿੱਚ ਉਚਾਰਨ ਕੀਤੀ। ਰਾਗਾਂ ਦੀ ਸਮਾਪਤੀ ਤੋਂ ਬਾਅਦ ਤੀਜੇ ਭਾਗ ਅੰਗ 1353 ਤੋਂ 1430 ਤੱਕ ਵਿੱਚ ਸਲੋਕ ਸਹਸਕ੍ਰਿਤੀ ਮਹਲਾ 1, ਸਲੋਕ ਸਹਸਕ੍ਰਿਤੀ ਮਹਲਾ 5, ਮਹਲਾ 5 ਗਾਥਾ, ਫੁਨਹੇ ਮਹਲਾ 5, ਚਉਬੋਲੇ ਮਹਲਾ 5, ਸਲੋਕ ਭਗਤ ਕਬੀਰ ਜੀਉ ਕੇ, ਸਲੋਕ ਸੇਖ ਫਰੀਦ ਕੇ, ਸਵੱਈਏ ਸ੍ਰੀ ਮੁਖਬਾਕ ਮਹਲਾ 5, ਸਲੋਕ ਵਾਰਾਂ ਤੇ ਵਧੀਕ, ਸਲੋਕ ਮਹਲਾ 9, ਮੁੰਦਾਵਣੀ ਮਹਲਾ 5, ਰਾਗ ਮਾਲਾ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਕੁੱਲ 22 ਵਾਰਾਂ ਹਨ। ਇਹਨਾਂ ਵਿੱਚੋਂ ਤਿੰਨ ਵਾਰਾਂ ਸ੍ਰੀ ਗੁਰੂ ਨਾਨਕ ਦੇਵ ਜੀ, ਚਾਰ ਵਾਰਾਂ ਸ੍ਰੀ ਗੁਰੂ ਅਮਰਦਾਸ ਜੀ, ਅੱਠ ਵਾਰਾਂ ਸ੍ਰੀ ਗੁਰੂ ਰਾਮਦਾਸ ਜੀ, ਛੇ ਵਾਰਾਂ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਇੱਕ ਵਾਰ ਰਾਗ ਰਾਮਕਲੀ ਵਿੱਚ ਸੱਤੇ ਬਲਵੰਡ ਦੀ ਰਚਨਾ ਹੈ

ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦੁਪਦੇ, ਤਿਪਦੇ, ਚਉਪਦੇ ਤੇ ਅਸ਼ਟਪਦੀਆਂ ਤੋਂ ਬਗ਼ੈਰ ਕੁਝ ਵਿਸ਼ੇਸ਼ ਸਿਰਲੇਖ ਵਾਲੀਆਂ ਬਾਣੀਆਂ ਵੀ ਦਰਜ ਹਨ। ਜਿਵੇਂ ਬਾਰਹਮਾਹਾ, ਬਾਵਨ ਅੱਖਰੀ, ਸੁਖਮਨੀ, ਸਿਧ ਗੋਸਟਿ, ਦਖਣੀ ਓਅੰਕਾਰੁ, ਥਿਤੀ, ਪਟੀ ਆਦਿ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ‘ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰਪ੍ਰਸਾਦਿ’ ਦਾ ਪ੍ਰਯੋਗ 33 ਵਾਰ, ‘ੴ ਸਤਿਨਾਮੁ ਕਰਤਾ ਪੁਰਖੁ ਗੁਰਪ੍ਰਸਾਦਿ’ ਦਾ ਪ੍ਰਯੋਗ 8 ਵਾਰ, ‘ੴ ਸਤਿਨਾਮੁ ਗੁਰਪ੍ਰਸਾਦਿ’ ਦਾ ਪ੍ਰਯੋਗ 3 ਵਾਰ, ‘ੴ ਸਤਿਗੁਰ ਪ੍ਰਸਾਦਿ’ ਦਾ ਪ੍ਰਯੋਗ 525 ਵਾਰ ਕੀਤਾ ਗਿਆ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ 84 ਲੱਖ ਜੂਨਾਂ ਦੇ ਬਾਰੇ ਬਹੁਤ ਵਾਰ ਆਇਆ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ 40 ਤੋਂ ਵੱਧ ਸ਼ਬਦ/ਸਲੋਕ ਮੁਸਲਮਾਨ ਭਰਾਵਾਂ ਦੇ ਲਈ ਦਰਜ ਹਨ। ਗੁਰੂ ਗ੍ਰੰਥ ਸਾਹਿਬ ਵਿੱਚ ਪਰਮਾਤਮਾ ਦੇ ਨਾਂ 16,000 ਤੋਂ ਵੀ ਵੱਧ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਸਾਂਝੀ ਬਾਣੀ ਸਾਰੇ ਜਗਤ ਦੇ ਪ੍ਰਾਣੀਆਂ ਦੇ ਆਤਮ ਮਾਰਗ ਨੂੰ ਰੁਸ਼ਨਾਉਂਦੀ ਰਹੇਗੀ ਅਤੇ ਗੁਰੂ ਰੂਪ ਹੋ ਕੇ ਉਪਦੇਸ਼ ਰਾਹੀਂ ਅਗਵਾਈ ਕਰਦੀ ਰਹੇਗੀ। ਇਸ ਦਾ ਉਪਦੇਸ਼ ਜਗਤ ਦੀ ਸਰਬ ਮਨੁੱਖਤਾ ਲਈ ਸਾਂਝਾ ਹੈ, ਕਿਸੇ ਇੱਕ ਜਾਤੀ ਜਾਂ ਮੱਤ ਲਈ ਵੱਖਰਾ ਨਹੀਂ।

**ਖਤ੍ਰੀ ਬ੍ਰਾਹਮਣ ਸੂਦ ਵੈਸ ਉਪਦੇਸੁ ਚਹੁ ਵਰਨਾ ਕਉ ਸਾਝਾ॥ 4॥3॥50॥**

**(ਸੂਹੀ ਮਹਲਾ 5, ਅੰਗ 747)**

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਵਿਲੱਖਣਤਾ ਇਸ ਗੱਲੋਂ ਵੀ ਅਦੁੱਤੀ ਤੇ ਮਹਾਨ ਹੈ ਕਿ ਗੁਰੂ ਸਾਹਿਬਾਨ ਆਪਣੀ-ਆਪਣੀ ਬਾਣੀ ਹੱਥੀਂ ਲਿਖ ਕੇ ਸੰਭਾਲਦੇ ਰਹੇ। ਜੋ ਹੋਰ ਮਹਾਨ ਪੁਰਸ਼ਾਂ ਦੇ ਬਚਨ ਇਕੱਤਰ ਕੀਤੇ ਉਹ ਵੀ ਉਹਨਾਂ ਸਭ ਦੇ ਹੱਥਾਂ ਦੇ ਲਿਖੇ ਤੇ ਸੰਭਾਲੇ ਹੋਏ ਸਨ। ਗੁਰੂ ਅਰਜਨ ਦੇਵ ਜੀ ਨੇ ਬਾਣੀ ਨੂੰ ਸੁਚੱਜੀ ਤਰਤੀਬ ਦੇ ਕੇ ਇਕੱਠਾ ਕਰਕੇ ਆਪਣੇ ਹੱਥੀਂ ਸੰਪਾਦਿਤ ਕੀਤਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹੀ ਇੱਕੋ-ਇੱਕ ਗ੍ਰੰਥ ਹੈ ਜੋ ਸਤਿਗੁਰਾਂ ਦੁਆਰਾ ਹੱਥੀਂ ਲਿਖਿਆ ਗਿਆ ਹੈ। ਹੋਰ ਕੋਈ ਵੀ ਗ੍ਰੰਥ ਇਸ ਤਰ੍ਹਾਂ ਦਾ ਨਹੀਂ ਹੈ। ਮਹਾਤਮਾ ਬੁੱਧ ਜੀ ਦੇ ਚਲਾਣੇ ਤੋਂ ਪੰਜ ਸੌ ਸਾਲ ਮਗਰੋਂ ਉਹਨਾਂ ਦੀ ਸਿੱਖਿਆ ਰਾਜ ਵਿਖੇ ਲਿਖੀ ਗਈ। ਇਸਲਾਮ ਦੇ ਬਾਨੀ ਮੁਹੰਮਦ ਸਾਹਿਬ ਨੇ ਕੁਰਾਨ ਆਪ ਨਹੀਂ ਲਿਖਿਆ ਸਗੋਂ ਉਹਨਾਂ ਦੇ ਪੈਰੋਕਾਰਾਂ ਨੇ ਮਗਰੋਂ ਲਿਖਿਆ ਹੈ। ਈਸਾਈਅਤ ਦੇ ਬਾਨੀ ਈਸਾ ਮਸੀਹ ਨੇ ਆਪਣੇ ਸਿਧਾਂਤਾਂ ਨੂੰ ਕੋਈ ਲਿਖਤੀ ਰੂਪ ਨਹੀਂ ਦਿੱਤਾ। ਹਿੰਦੂਆਂ ਦੇ ਧਰਮ ਗ੍ਰੰਥ ਵੀ ਸੁਣ ਕੇ ਜਾਂ ਯਾਦ ਤੋਂ ਮਗਰੋਂ ਲਿਖੇ ਗਏ ਹਨ। ਸੰਸਾਰ ਭਰ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ‘ਗੁਰੂ’ ਦਾ ਦਰਜਾ ਦੇ ਕੇ ਸਿੱਖ ਜਗਤ ਨੂੰ ਇਹਨਾਂ ਦੀ ਰਹਿਨੁਮਾਈ ਲੈਣ ਲਈ ਪ੍ਰੇਰਿਤ ਕਰਨ ਦੀ ਮਿਸਾਲ ਹੋਰ ਕਿਧਰੇ ਨਹੀਂ ਮਿਲਦੀ।

ਸਮੁੱਚੇ ਜਗਤ ਵਿੱਚ ਅੱਜ 4 ਸਤੰਬਰ ਦਿਨ ਬੁੱਧਵਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ 418ਵਾਂ ਪਹਿਲਾ ਪ੍ਰਕਾਸ਼ ਦਿਵਸ ਸੱਚ-ਖੰਡ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੇ ਦੇਸ਼-ਵਿਦੇਸ਼ ਦੇ ਗੁਰਦੁਆਰਿਆਂ ਵਿਖੇ ਬੜੀ ਸ਼ਰਧਾ, ਪ੍ਰੇਮ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸੇ ਦਿਹਾੜੇ ਅਖੰਡ-ਪਾਠਾਂ ਦੇ ਭੋਗ ਪਾਏ ਜਾਣਗੇ, ਉਪਰੰਤ ਵਿਸ਼ੇਸ਼ ਦੀਵਾਨ ਸਜਣਗੇ ਜਿਨ੍ਹਾਂ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ, ਕਵੀ, ਪ੍ਰਚਾਰਕ ਅੰਮ੍ਰਿਤਮਈ ਬਾਣੀ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ।

**-ਕਰਨੈਲ ਸਿੰਘ ਐੱਮ.ਏ.ਲੁਧਿਆਣਾ**
**#1138/63-ਏ, ਗੁਰੂ ਤੇਗ਼ ਬਹਾਦਰ ਨਗਰ**
**ਗਲੀ ਨੰਬਰ-1, ਚੰਡੀਗੜ੍ਹ ਰੋਡ**
**ਜਮਾਲਪੁਰ, ਲੁਧਿਆਣਾ**

### ਅਖਿਲ ਭਾਰਤੀ ਸੰਘਰਸ਼ ਦਲ ਪੋਲੀਟੀਕਲ ਪਾਰਟੀ ਦੇ ਨੈਸ਼ਨਲ ਪ੍ਰੈਜ਼ੀਡੈਂਟ ਬਲਦੇਵ ਸਿੰਘ ਰਾਠੌਰ ਵੱਲੋਂ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਕੀਤੀਆਂ ਗਈਆਂ ਨਵੀਆਂ ਨਿਯੁਕਤੀਆਂ

# ਐਮ ਸੀ ਅਤੇ ਪੰਚਾਇਤੀ ਚੋਣਾਂ ਵਿੱਚ ਉਮੀਦਵਾਰ ਉਤਾਰੇਗੀ ਪਾਰਟੀ : ਨੈਸ਼ਨਲ ਪ੍ਰਧਾਨ ਬਲਦੇਵ ਸਿੰਘ ਰਾਠੌਰ



**ਚੌਕ ਮਹਿਤਾ, 3 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਅਖਿਲ ਭਾਰਤੀ ਸੰਘਰਸ਼ ਦਲ ਪੋਲੀਟੀਕਲ ਪਾਰਟੀ ਦੇ ਨੈਸ਼ਨਲ ਪ੍ਰਧਾਨ ਬਲਦੇਵ ਸਿੰਘ ਰਾਠੌਰ ਦੀ ਅਗਵਾਈ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਅੰਮ੍ਰਿਤਸਰ ਪ੍ਰੈੱਸ ਕਲੱਬ ਵਿਖੇ ਪ੍ਰੈੱਸ ਕਾਨਫਰੰਸ ਕੀਤੀ ਗਈ। ਜਿਸ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਪਾਰਟੀ ਵੱਲੋਂ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਅਤੇ ਮੋਹਿੰਦਰਜੀਤ ਸਿੰਘ ਨੂੰ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਅਤੇ ਸਾਬਕਾ ਸੂਬੇਦਾਰ ਜਸਵੰਤ ਸਿੰਘ ਨੂੰ ਜ਼ਿਲ੍ਹਾ ਅੰਮ੍ਰਿਤਸਰ ਦਾ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਅਤੇ ਅਖਿਲ ਭਾਰਤੀ ਸੰਘਰਸ਼ ਦਲ ਦੇ ਨੈਸ਼ਨਲ ਪ੍ਰੈਜ਼ੀਡੈਂਟ ਵੱਲੋਂ ਜ਼ਿਲ੍ਹਾ ਪ੍ਰਧਾਨ ਮੋਹਿੰਦਰ ਜੀਤ ਸਿੰਘ ਅਤੇ ਵਾਈਸ ਪ੍ਰਧਾਨ ਸਾਬਕਾ ਸੂਬੇਦਾਰ ਜਸਵੰਤ ਸਿੰਘ ਨੂੰ ਨਿਯੁਕਤੀ ਪੱਤਰ ਦਿੱਤੇ ਗਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਖਿਲ ਭਾਰਤੀ ਸੰਘਰਸ਼ ਦਲ ਦੇ ਨੈਸ਼ਨਲ ਪ੍ਰੈਜ਼ੀਡੈਂਟ ਬਲਦੇਵ ਸਿੰਘ ਰਾਠੌਰ ਨੇ ਕਿਹਾ ਕਿ ਸਾਡੀ ਪਾਰਟੀ ਵੱਲੋਂ ਇਸ ਵਾਰ ਹੋਰ ਵਾਲੀਆਂ ਐਮ ਸੀ ਅਤੇ ਪੰਚਾਇਤੀ ਚੋਣਾਂ ਵਿੱਚ ਉਮੀਦਵਾਰ ਖੜ੍ਹੇ ਕੀਤੇ ਜਾ ਰਹੇ ਹਨ।ਇਸ ਮੌਕੇ ਆਪ ਨੇ ਕਿਹਾ ਕਿ ਸਾਡਾ ਮਿਸ਼ਨ ਸਮਾਜ ਵਿੱਚ ਰਹਿਣ ਵਾਲੇ ਲੋਕਾਂ ਨੂੰ ਰੋਟੀ, ਕਪੜਾ, ਅਤੇ ਮਕਾਨ ਦੀਆਂ ਸਹੂਲਤਾਂ ਨੂੰ ਪੂਰਾ ਕਰਨ ਦੇ ਨਾਲ ਨਾਲ ਸਮਾਜ ਵਿੱਚ ਰਹਿ ਰਹੇ ਜਨਰਲ ਕੈਟਾਗਰੀ ਦੇ ਲੋਕਾਂ ਦੇ ਹੱਕਾਂ ਦੀ ਆਵਾਜ਼ ਨੂੰ ਬੁਲੰਦ ਕਰਨਾ ਹੋਵੇਗਾ। ਸਮਾਜ ਵਿੱਚ ਰਹਿਣ ਵਾਲੇ ਲੋਕਾਂ ਦੇ ਬੱਚਿਆਂ ਨੂੰ ਉੱਚ ਸਿੱਖਿਆ ਲਈ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨਾ ਅਤੇ ਫੀਸਾਂ ਵਿੱਚ ਛੋਟ ਦੇਣਾ ਮੁੱਖ ਮਕਸਦ ਹੋਵੇਗਾ।ਆਮ ਦੇਖਣ ਵਿੱਚ ਆਉਂਦਾ ਹੈ ਕਿ ਉੱਚ ਸਿੱਖਿਆ ਦੇ ਕੋਰਸਾਂ ਦੀਆਂ ਫ਼ੀਸਾਂ ਜ਼ਿਆਦਾ ਹੋਣ ਕਾਰਨ ਵਿਦਿਆਰਥੀ ਉੱਚ ਸਿੱਖਿਆ ਲੈਣ ਤੋਂ ਵਾਂਝੇ ਰਹਿ ਜਾਂਦੇ ਹਨ।ਅਕਸਰ ਦੇਖਣ ਵਿੱਚ ਆਉਂਦਾ ਹੈ ਕਿ ਪਰਿਵਾਰ ਦੀ ਆਮਦਨ ਘੱਟ ਹੋਣ ਕਾਰਨ ਵਿਦਿਆਰਥੀ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਜਿਸ ਸਦਕਾ ਵਿਦਿਆਰਥੀ ਉੱਚ ਸਿੱਖਿਆ ਤੋਂ ਵਾਂਝੇ ਰਹਿ ਜਾਂਦੇ ਹਨ।ਇਸ ਮੌਕੇ ਆਪ ਨੇ ਕਿਹਾ ਕਿ ਅਖਿਲ ਭਾਰਤੀ ਸੰਘਰਸ਼ ਦਲ ਪੋਲੀਟੀਕਲ ਪਾਰਟੀ ਪੰਜਾਬ ਦੇ ਲੋਕਾਂ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰੇਗੀ ਅਤੇ ਜੇਕਰ ਸਾਡੀ ਸਰਕਾਰ ਆਉਂਦੀ ਹੈ ਤਾਂ ਅਸੀਂ ਪੰਜਾਬ ਵਿੱਚ ਫੈਕਟਰੀਆਂ ਖੋਲਣ ਕੇ, ਨਵੇਂ ਕਾਲਜ ,ਯੂਨੀਵਰਸਿਟੀਆਂ, ਬਣਾ ਕੇ ਪੰਜਾਬ ਦੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਸਾਧਨਾਂ ਦੀ ਸਿਰਜਣਾ ਕਰੇਗੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮੋਹਿੰਦਰਜੀਤ ਸਿੰਘ ਨੇ ਅਤੇ ਸਾਬਕਾ ਸੂਬੇਦਾਰ ਜਸਵੰਤ ਸਿੰਘ ਨੇ ਨੈਸ਼ਨਲ ਪ੍ਰੈਜ਼ੀਡੈਂਟ ਬਲਦੇਵ ਸਿੰਘ ਰਾਠੌਰ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਜਿਹੜੀ ਜ਼ਿੰਮੇਦਾਰੀ ਸਾਨੂੰ ਦਿੱਤੀ ਗਈ ਹੈ ਉਸਨੂੰ ਅਸੀਂ ਪੂਰੀ ਤਨਦੇਹੀ ਨਾਲ ਨਿਭਾਵਾਂਗੇ।ਇਸ ਮੌਕੇ ਬਲਦੇਵ ਸਿੰਘ ਰਾਠੌਰ ਕੌਮੀ ਪ੍ਰਧਾਨ ਰਣਜੀਤ ਸਿੰਘ ਰਾਠੌਰ ਰਾਸ਼ਟਰੀ ਜਨਰਲ ਸਕੱਤਰ ਸ ਮੇਜਰ ਸਿੰਘ ਪ੍ਰਧਾਨ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਜਸਬੀਰ ਸਿੰਘ, ਜਸਬੀਰ ਮਸੀਹ ਅੰਗਰੇਜ ਸਿੰਘ ਜਸਵੰਤ ਮੀਤ ਪ੍ਰਧਾਨ ਜ਼ਿਲ੍ਹਾ ਅੰਮ੍ਰਿਤਸਰ ਸ.ਮਹਿੰਦਰਜੀਤ ਸਿੰਘ ਪ੍ਰਧਾਨ ਜਿਲ੍ਹਾ ਅੰਮ੍ਰਿਤਸਰ ਸ਼ਹਿਰ ਭੀਮਸੇਨ ਸਿੰਘ ਯਾਦਵ ਮੀਤ ਪ੍ਰਧਾਨ ਜਿਲ੍ਹਾ ਅੰਮ੍ਰਿਤਸਰ ਸ਼ਹਿਰ ਕਿਰਪਾਲ ਸਿੰਘ ਸਿਮਰਜੀਤ ਸਿੰਘ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ 6 ਸਤੰਬਰ ਨੂੰ ਕਰਵਾਇਆ ਜਾਵੇਗਾ : ਭਾਈ ਸਾਹਿਬ ਸਿੰਘ

**ਜੰਡਿਆਲਾ ਗੁਰੂ, 3 ਸਤੰਬਰ ( ਕੁਲਵੰਤ ਸਿੰਘ ਵਿਰਦੀ)-**ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ ਰਜਿ ਪਿੰਡ ਵਡਾਲੀ ਡੋਗਰਾਂ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਨੇ ਦੱਸਿਆ ਕਿ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਸੇਵਾ ਸੁਸਾਇਟੀ ਨਗਰ ਨਿਵਾਸੀ ਸੰਗਤਾਂ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾਂਦਾ ਹੈ ਇਸ ਵਾਰ 6 ਸਤੰਬਰ 22 ਭਾਦੋਂ ਦਿਨ ਸ਼ੁਕਰਵਾਰ ਨੂੰ ਗੁਰਦੁਆਰਾ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਪਿੰਡ ਵਡਾਲੀ ਡੋਗਰਾਂ ਕਲੋਨੀ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ ਅਤੇ ਸਮਾਗਮ ਦੀ ਆਰੰਭਤਾ ਸ਼ਾਮ 5 ਵਜੇ ਹੋਵੇਗੀ ਜਿਸ ਵਿੱਚ 5 ਵਜ਼ੇ ਤੋਂ ਸਾਢੇ 6 ਵਜੇ ਤੱਕ ਸੰਗਤੀ ਰੂਪ ਵਿੱਚ ਬੇਅੰਤ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਹੋਣਗੇ ਅਤੇ ਸਾਢੇ ਛੇ ਵਜੇ ਸ੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਦੀ ਸੇਵਾ ਗੁਰਦੁਆਰਾ ਸਾਹਿਬ ਜੀ ਦੇ ਹੈੱਡ ਗ੍ਰੰਥੀ ਭਾਈ ਕੁਲਬੀਰ ਸਿੰਘ ਜੀ ਨਿਭਾਉਣਗੇ ਅਤੇ 7 ਵਜੇ ਤੋਂ 8 ਵਜੇ ਤੱਕ ਪ੍ਰਭਾਤ ਫੇਰੀ ਵੀਰਾਂ ਦਾ ਜਥਾ ਸਤਿਸੰਗਤ ਕਰੇਗਾ ਅਤੇ 8 ਵਜੇ ਤੋਂ 9 ਵਜੇ ਤੱਕ ਸ਼੍ਰੋਮਣੀ ਕਮੇਟੀ ਪ੍ਰਚਾਰਕ ਗਿਆਨੀ ਹਰਪ੍ਰੀਤ ਸਿੰਘ ਜੀ ਜੰਡਿਆਲਾ ਗੁਰੂ ਵਾਲੇ ਵਾਲੇ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੀ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਗੁਰ ਇਤਿਹਾਸ ਤੋਂ ਜਾਣੂ ਕਰਵਾਉਣਗੇ ਇਸ ਮੌਕੇ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਜੀ ਤੇ ਖਜਾਨਚੀ ਭਾਈ ਦਵਿੰਦਰਪਾਲ ਸਿੰਘ ਵੱਲੋਂ ਸਮੂਹ ਪਿੰਡ ਵਡਾਲੀ ਡੋਗਰਾਂ ਦੀਆਂ ਸੰਗਤਾਂ ਅਤੇ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਕੀਤੀ ਗਈ ਅਤੇ ਉਨ੍ਹਾਂ ਕਿਹਾ ਕਿ ਸੰਗਤਾਂ ਸਮਾਗਮ ਵਿੱਚ ਸਮੇਂ ਸਿਰ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਅੱਗੇ ਉਨ੍ਹਾ ਕਿਹਾ ਕਿ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਜਾਣਗੇ।



### 'ਐਮਰਜੈਂਸੀ' ਫ਼ਿਲਮ 'ਤੇ ਬੈਨ ਲਗਣ ਕਰਕੇ

# ਡੀਸੀਪੀ ਸ਼੍ਰੀ ਰਾਜੀਵ ਕੁਮਾਰ ਰਾਵਲ ਦਾ ਧੰਨਵਾਦ ਕੀਤਾ ਗਿਆ : ਭਾਈ ਭਿਓਰਾ



**ਭਾਈ ਭਿਓਰੇ** ਨੇ ਕਿਹਾ ਕਿ ਅੱਜ ਦਿੱਲੀ ਸ਼ਾਹਦਰਾ ਜੋਨ ਦੇ ਡੀਸੀਪੀ ਸ਼੍ਰੀ ਰਾਜੀਵ ਕੁਮਾਰ ਰਾਵਲ ਜੀ ਨੂੰ ਕੁੱਝ ਚਿਰ ਪਹਿਲਾਂ ਕੰਗਣਾ ਰਣੋਤ ਵਲੋਂ ਸਿੱਖਾਂ ਦੀ ਕਿਰਦਾਰਕੁਸ਼ੀ ਕਰਦੀ ਫਿਲਮ ਐਮਰਜੈਂਸੀ ਤੇ ਬੈਨ ਲਗਾਉਣ ਲਈ ਮੰਗ ਪੱਤਰ ਦਿੱਤਾ ਗਿਆ ਸੀ। ਫ਼ਿਲਮ ਦੇ ਬੈਨ ਹੋਣ ਕਰਕੇ ਕਮਿਸ਼ਨਰ ਸਾਬ੍ਹ ਨੇ ਸਾਨੂੰ ਮਿਲ਼ਨ ਦਾ ਸਮਾਂ ਦਿੱਤਾ ਸੀ। ਜਿੱਥੇ ਦਾਸ ਦੇ ਨਾਲ ਭਾਈ ਅਮਰੀਕ ਸਿੰਘ ਭਾਈ ਸੁਖਵਿੰਦਰ ਸਿੰਘ ਭਾਈ ਖੁਸ਼ਦੇਵ ਸਿੰਘ ਭਾਈ ਦੀਪ ਸਿੰਘ ਅਤੇ ਹੋਰ ਸਾਥੀ ਸਿੰਘਾਂ ਨੇ ਡੀਸੀਪੀ ਸਾਬ੍ਹ ਨੂੰ ਸਿਰੋਪਾਓ ਦੇ ਕੇ ਧੰਨਵਾਦ ਕੀਤਾ ਓਥੇ ਹੀ ਡੀਸੀਪੀ ਜੀ ਨੇ ਫਿਲਮ ਦੇ ਏਤਰਾਜ਼ ਬਾਰੇ ਵੀ ਗੱਲ ਜਾਨਣੀ ਚਾਹੀ ਤਾਂ ਓਹਨਾਂ ਨੂੰ ਇਸ ਬਾਰੇ ਵਿਸਤਾਰ ਨਾਲ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਫਿਲਮ ਦੇ ਰੀਲੀਜ਼ ਹੋਣ ਨਾਲ ਦੇਸ਼ ਦਾ ਮਾਹੌਲ ਵੀ ਖ਼ਰਾਬ ਹੋਣਾਂ ਸੀ। ਓਹਨਾਂ ਨੇ ਇਸ ਬਾਬਤ ਸਿੱਖਾਂ ਦੀ ਏਕਤਾ ਦੀ ਪ੍ਰਸੰਸਾ ਕੀਤੀ ਅਤੇ ਸਾਢੇ ਵਲੋਂ ਇਲਾਕੇ. ਵਿੱਚ ਦਸੀਆਂ ਹੋਰ ਸ਼ਿਕਾਇਤਾਂ ਬਾਰੇ ਵੀ ਸੰਬੰਧਿਤ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ। ਭਾਈ ਭਿਓਰੇ ਨੇ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਕਿਹਾ ਕਿ ਸਾਡੀ ਲੜਾਈ ਕਾਂਗਰਸ ਨਾਲ ਸੀ-ਹੈਗੀ ਤੇ ਰਹੇਗੀ ਕਿਉਂਕਿ ਭਾਰਤ ਦੇ ਆਜ਼ਾਦ ਹੋਣ ਤੋਂ ਬਾਅਦ ਹੀ ਕਾਂਗਰਸ ਵਲੋਂ ਸਿੱਖਾਂ ਨਾਲ ਲਗਾਤਾਰ ਵਿਸ਼ਵਾਸਘਾਤ ਕੀਤਾ ਸੀ। ਇਸ ਕਾਂਗਰਸ ਨੇ ਸਾਢੇ ਪਵਿੱਤਰ ਗੁਰੂ ਘਰਾਂ ਨੂੰ ਟੈਂਕਾਂ ਤੋਪਾਂ ਨਾਲ ਢਹਿ ਢੇਰੀ ਹੀ ਨਹੀਂ ਕੀਤਾ ਬਲਕਿ ਸਾਡੀ ਇਕ ਪੀੜ੍ਹੀ ਹੀ ਝੂੱਠੇ ਪੁਲਿਸ ਮੁਕਾਬਲਿਆਂ ਚ ਖ਼ਤਮ ਕਰ ਦਿੱਤੀ। ਸਿੱਖਾਂ ਨੇ ਹਮੇਸ਼ਾ ਇਸ ਦੇਸ਼ ਤੇ ਆਈ ਮੁਸੀਬਤਾਂ ਦਾ ਡੱਟ ਕੇ ਸਾਹਮਣਾ ਕੀਤਾ ਹੈ। ਇਸ ਸਦੀ ਦੇ ਸਭ ਤੋਂ ਭਿਆਨਕ ਕਰੋਨਾ ਕਾਲ ਦੇ ਸਮੇਂ ਵਿੱਚ ਜਿੱਥੇ ਲੋਕਾਂ ਨੇ ਡਰਦਿਆਂ ਕਫ਼ਨ ਚੁਕ ਕੇ ਆਪਣੇ ਸਗੇ - ਸਬੰਧੀਆਂ ਦੀਆਂ ਲਾਸ਼ਾਂ ਦੇ ਮੁੱਖ ਤਕ ਨਹੀਂ ਵੇਖੇ ਓਥੇ ਸਿੱਖਾਂ ਨੇ ਆਪਣੇ ਗੁਰੂਆਂ ਦਾ ਓਟ ਆਸਰਾ ਲੈਂਦਿਆਂ ਬਿਨਾਂ ਭੇਦਭਾਵ ਦੇ ਹਰ ਜਾਤੀ ਧਰਮ ਦੇ ਲੋਕਾਂ ਦੀ ਸੇਵਾ ਕੀਤੀ। ਅਸੀਂ ਇਹ ਦੱਸਣਾਂ ਜ਼ਰੂਰੀ ਸਮਝਦੇ ਹਾਂ ਕਿ ਜਿੱਥੇ ਸਿੱਖ ਸਰਬੱਤ ਦਾ ਭਲਾ ਲੋਚਦੇ ਹਨ ਓਥੇ ਆਪਣੀਂ ਕੌਮ ਦੇ ਕਿਰਦਾਰ ਲਈ ਆਪਣੀ ਕੌਮ ਦੇ ਮਾਨ ਸਨਮਾਨ ਲਈ ਜਾਨਾਂ ਵੀ ਵਾਰ ਸਕਦੇ ਹਨ ਤੇ ਸਿੱਖ ਰਵਾਇਤਾਂ ਮੁਤਾਬਿਕ ਦੁਸ਼ਮਣ ਨੂੰ ਵੀ ਪਾਰ ਬੁਲਾ ਸਕਦੇ ਹਨ। ਭਾਈ ਭਿਓਰੇ ਨੇ ਭਾਰਤ ਦੇ ਪ੍ਰਧਾਨ ਮੰਤਰੀ ਨੂੰ ਕਿਹਾ ਕਿ ਅੱਜ ਫਿਰ ਇਕ ਬੀਬੀ ਕੰਗਨਾ ਰਣੌਤ ਐਮਰਜੈਂਸੀ ਫਿਲਮ ਰਾਹੀਂ ਸਿੱਖਾਂ ਨੂੰ ਵੰਗਾਰ ਹੀ ਨਹੀਂ ਪਾ ਰਹੀਂ ਬਲਕਿ ਬੀਜੇਪੀ ਵਿਰੁੱਧ ਸਿੱਖਾਂ ਦੇ ਮਨਾਂ ਵਿੱਚ ਨ.ਫ਼ਰਤ ਦੇ ਬੀਜ਼ ਬੋ ਰਹੀ ਹੈ। ਫਿਲਮ ਵਿੱਚ ਕੰਗਣਾ ਰਣੋਤ ਵਲੋਂ ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ ਰੋਲ ਕਰਵਾ ਕੇ ਓਹਨਾਂ ਦੀ ਮਹਾਨਤਾ ਨੂੰ ਘੱਟ ਕਰਨ ਦੀ ਕੋਸ਼ਿਸ਼ ਕੀਤੀ ਹੈ ਜਿਸ ਨੂੰ ਸਿੱਖ ਵਲੋਂ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਕੰਗਣਾ ਰਣੋਤ ਇਕ ਕਲੰਕਿਤ ਔਰਤ ਹੈ। ਤੁਸੀਂ ਆਪਣੀ ਪਾਰਟੀ ਚੋਂ ਨੰਗਪੁਣਾਂ ਫ਼ੈਲਾਉਣ ਵਾਲੀ ਬਦਦਿਮਾਗ ਕੰਗਣਾ ਨੂੰ ਅਲਵਿਦਾ ਕਹਿ ਲਵੋ ਨਹੀਂ ਤਾਂ ਇਤਿਹਾਸ ਗਵਾਹ ਹੈ ਇੱਦਾਂ ਦੀਆਂ ਔਰਤਾਂ ਨੇ ਸ਼ਾਨੋ ਸ਼ੌਕਤਾਂ ਵਰਗੇ ਰਾਜਿਆਂ ਦੇ ਰਾਜਾਂ ਨੂੰ ਰੋਲ ਕੇ ਰੱਖ ਦਿੱਤਾ ਹੈ। ਬਾਕੀ ਸਿੱਖਾਂ ਦੀ ਕਾਤਿਲ ਇੰਦਰਾਂ ਗਾਂਧੀ ਨੂੰ ਉਸ ਦੇ ਕੀਤੇ ਕੁਕਰਮਾਂ ਦੀ ਸਜ਼ਾ ਦਿੱਤੀ ਗਈ ਸੀ ਓਥੇ ਇਹ ਕੰਗਣਾ ਜਿਹੜੀ ਇੰਦਰਾਂ ਗਾਂਧੀ ਦੀ ਫੋਟੋ ਕਾਪੀ ਹੈ ਦੀ ਕਰਤੂਤਾਂ ਵੀ ਖ਼ਾਲਸੇ ਦੀ ਕਚਿਹਰੀ ਵਿੱਚ ਵਿਚਾਰ ਅਧੀਨ ਹਨ। ਬਾਕੀ ਸਾਡਾ ਬੀਜੇਪੀ ਨਾਲ ਕੋਈ ਰੋਲਾ ਨਹੀਂ ਹੈ। ਸਿੱਖਾਂ ਨੂੰ ਅਪਮਾਨਿਤ ਕਰਨ ਵਾਲਿਆਂ ਤੇ ਬੀਜੇਪੀ ਅੰਕੁਸ਼ ਲਗਾਵੇ। ਗੁਰੂ ਤੁਹਾਡਾ ਭਲਾ ਕਰੇਗਾ।

**-ਅਵਤਾਰ ਸਿੰਘ ਭਿਓਰਾ, ਮੋ.ਨੰ. 7065379792**

### ਸ਼ਹੀਦ ਭਾਈ ਜਟਾਣਾ ਤੇ ਚੰਨਾ ਦੇ ਸ਼ਹੀਦੀ ਸਮਾਗਮ 'ਚ

# ਅਕਾਲ ਤਖਤ ਸਾਹਿਬ ਪਹੁੰਚਣ ਸੰਗਤਾਂ : ਭਾਈ ਰਣਜੀਤ ਸਿੰਘ



**ਅੰਮ੍ਰਿਤਸਰ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣਾ ਅਤੇ ਸ਼ਹੀਦ ਭਾਈ ਚਰਨਜੀਤ ਸਿੰਘ ਚੰਨਾ ਦੇ ਸ਼ਹੀਦੀ ਸਮਾਗਮ 'ਚ 4 ਸਤੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੁੰਮ-ਹੁਮਾ ਕੇ ਪਹੁੰਚੋ, ਜਿੱਥੇ ਇਨ੍ਹਾਂ ਸੂਰਮਿਆਂ ਦੀ ਯਾਦ 'ਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਤੇ ਧੁਰ ਕੀ ਬਾਣੀ ਦਾ ਕੀਰਤਨ ਹੋਵੇਗਾ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਜੂਨ 1984 ਦੇ ਘੱਲੂਘਾਰੇ ਤੋਂ ਬਾਅਦ ਇਹਨਾਂ ਸੂਰਮਿਆਂ ਨੇ ਹਿੰਦ ਸਰਕਾਰ ਵਿਰੁੱਧ ਹਥਿਆਰਬੰਦ ਲੜਾਈ ਲੜੀ ਅਤੇ ਫਸਲਾਂ, ਨਸਲਾਂ ਤੇ ਪਾਣੀਆਂ ਦੀ ਰਾਖੀ ਕੀਤੀ। ਇਹ ਸੂਰਮੇ ਖ਼ਾਲਿਸਤਾਨ ਦੇ ਸੰਘਰਸ਼ ਵਿੱਚ ਆਪਾ ਵਾਰ ਗਏ। ਅੱਜ ਜੇਕਰ ਸਾਡੇ ਸਿਰਾਂ ਉੱਤੇ ਕੇਸ ਅਤੇ ਦਸਤਾਰਾਂ ਸ਼ੋਭਦੀਆਂ ਹਨ ਤਾਂ ਇਹਨਾਂ ਸ਼ਹੀਦਾਂ ਦੀ ਦੇਣ ਹੈ। ਭਾਈ ਰਣਜੀਤ ਸਿੰਘ ਨੇ ਦੱਸਿਆ ਕਿ ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣਾ ਦੇ ਪਰਿਵਾਰ ਦੇ ਚਾਰ ਮੈਂਬਰ ਵੀ ਸਰਕਾਰ ਨੇ ਪੂਹਲੇ ਕੈਟ ਰਾਹੀਂ ਸ਼ਹੀਦ ਕਰਵਾ ਦਿੱਤੇ ਸਨ ਅਤੇ ਸ਼ਹੀਦ ਭਾਈ ਚਰਨਜੀਤ ਸਿੰਘ ਚੰਨਾ ਦੇ ਇੱਕ ਭਰਾ ਨੂੰ ਵੀ ਨਿਸ਼ਾਨਾ ਬਣਾਇਆ ਗਿਆ ਸੀ। ਇਸ ਦੇ ਨਾਲ ਹੀ ਭਾਈ ਰਣਜੀਤ ਸਿੰਘ ਨੇ ਬੀਤੇ ਕੱਲ੍ਹ ਹੀ ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣਾ ਦੀ ਭੈਣ ਬੀਬੀ ਸੁਰਿੰਦਰ ਕੌਰ ਅਤੇ ਉਹਨਾਂ ਦੇ ਪਤੀ ਦੇ ਹੋਏ ਐਕਸੀਡੈਂਟ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ਜਿਸ ਵਿੱਚ ਬੀਬੀ ਸੁਰਿੰਦਰ ਕੌਰ ਦੇ ਪਤੀ ਦੀ ਮੌਤ ਹੋ ਗਈ ਅਤੇ ਬੀਬੀ ਜੀ ਦੀ ਲੱਤ ਟੁੱਟ ਗਈ ਤੇ ਉਹ ਜੇਰੇ ਇਲਾਜ ਹਸਪਤਾਲ ਦਾਖਲ ਹਨ।

# ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਭੁਝੰਗੀ ਗੁਰਬਾਜ ਸਿੰਘ ਦਾ ਜਨਮ ਦਿਨ ਮਨਾਇਆ



**ਅੰਮ੍ਰਿਤਸਰ, 3 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਬੀਬਾ ਕਮਲਜੀਤ ਕੌਰ ਨਿਹੰਗ ਅਤੇ ਜਥੇਦਾਰ ਭਾਈ ਜਗਜੀਤ ਸਿੰਘ ਨਿਹੰਗ ਨੇ ਆਪਣੇ ਛੋਟੇ ਭੁਝੰਗੀ ਗੁਰਬਾਜ ਸਿੰਘ ਦੇ ਜਨਮ ਦਿਨ 'ਤੇ ਇਤਿਹਾਸਕ ਗੁਰਦੁਆਰਾ ਗਰਨਾ ਸਾਹਿਬ ਵਿਖੇ ਖ਼ਾਲਸਾ ਪੰਥ ਦੀ ਚੜ੍ਹਦੀ ਕਲਾ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਅਰਦਾਸ ਕੀਤੀ। ਭੁਝੰਗੀ ਗੁਰਬਾਜ ਸਿੰਘ ਅੱਜ ਖ਼ਾਲਸਾਈ ਬਾਣੇ 'ਚ ਤਿਆਰ ਹੋ ਕੇ ਆਪਣੇ ਸਕੂਲ ਗਿਆ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਆਪਣੇ ਫੇਸਬੁੱਕ ਖਾਤੇ 'ਤੇ ਲਿਖਿਆ ਕਿ "ਅੱਜ ਮੇਰੇ ਭੁਝੰਗੀ ਗੁਰਬਾਜ ਸਿੰਘ ਦਾ ਜਨਮ ਦਿਨ ਹੈ, ਉਹ ਤਿੰਨ ਸਾਲ ਦਾ ਹੋ ਗਿਆ ਹੈ। ਦੋਵੇਂ ਭੁਝੰਗੀਆਂ (ਗੁਰਪੰਥ ਪ੍ਰਥਮ ਸਿੰਘ ਅਤੇ ਗੁਰਬਾਜ ਸਿੰਘ) ਦੀ ਦਾਤ ਮੈਨੂੰ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਅਤੇ ਜੁਝਾਰੂ-ਸ਼ਹੀਦਾਂ ਸਿੰਘਾਂ ਨੇ ਬਖ਼ਸ਼ੀ ਹੈ। ਮੇਰੀ ਰੀਝ ਹੈ ਕਿ ਮੇਰੇ ਵਾਂਗ ਮੇਰੇ ਭੁਝੰਗੀ ਵੀ ਗੁਰੂ ਪੰਥ ਦੀ ਸੇਵਾ ਨਿਭਾਉਣ, ਸਿੱਖੀ ਦਾ ਪ੍ਰਚਾਰ ਕਰਨ, ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਪਹਿਰਾ ਦੇਣ, ਖ਼ਾਲਸਾ ਰਾਜ ਦੀ ਸਿਰਜਣਾ ਲਈ ਜੂਝਣ, ਸ਼ਹੀਦਾਂ ਦਾ ਇਤਿਹਾਸ ਲਿਖਣ ਤੇ ਆਪਣਾ ਰੋਮ-ਰੋਮ ਖ਼ਾਲਸਾ ਪੰਥ ਦੇ ਲੇਖੇ ਲਾਉਣ। ਮੈਨੂੰ ਸ਼ਹੀਦਾਂ ਨਾਲ ਬਹੁਤ ਪਿਆਰ ਹੈ, ਮੈਂ ਹੁਣ ਤੱਕ ਹਜ਼ਾਰਾਂ ਸ਼ਹੀਦਾਂ ਦੇ ਪਰਿਵਾਰਾਂ ਨੂੰ ਮਿਲਿਆ ਹਾਂ, ਮੈਂ ਆਪਣਾ ਜੀਵਨ ਵੀ ਸ਼ਹੀਦਾਂ ਦੇ ਕਾਰਜ ਨੂੰ ਸਮਰਪਿਤ ਕੀਤਾ ਹੋਇਆ ਹੈ। ਗੁਰੂ ਸਾਹਿਬ ਮੇਹਰ ਕਰਨ, ਮੇਰੇ ਪੁੱਤ ਵੀ ਵੱਡੇ ਹੋ ਕੇ ਸ਼ਹੀਦਾਂ ਦੀਆਂ ਹੀ ਬਾਤਾਂ ਪਾਉਣ, ਸ਼ਹੀਦ ਸਿੰਘ ਅੰਗ-ਸੰਗ ਸਹਾਈ ਹੋਣ। ਮੇਰੀ ਸਿੰਘਣੀ ਕਮਲਜੀਤ ਕੌਰ ਨਿਹੰਗ ਜੋ ਦੋਵਾਂ ਭੁਝੰਗੀਆਂ ਨੂੰ ਦੁਨਿਆਵੀ ਅਤੇ ਗੁਰਮਤਿ ਦੀ ਸਿੱਖਿਆ ਦੇਣ ਲਈ ਬਹੁਤ ਮਿਹਨਤ ਕਰਦੀ ਹੈ, ਸੱਚੇ ਪਾਤਸ਼ਾਹ ਜੀ ਦਾ ਸ਼ੁਕਰਾਨਾ।"

ਭੁਝੰਗੀ ਦੇ ਜਨਮ ਦਿਨ ਮੌਕੇ ਪੰਥਕ ਜਥੇਬੰਦੀਆਂ ਦੇ ਆਗੂਆਂ, ਜੁਝਾਰੂ ਸਿੰਘਾਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਬੇਅੰਤ ਸੰਗਤਾਂ ਨੇ ਭਾਈ ਰਣਜੀਤ ਸਿੰਘ ਅਤੇ ਕਮਲਜੀਤ ਕੌਰ ਨਿਹੰਗ ਨੂੰ ਫੋਨ, ਮੈਸੇਜ ਅਤੇ ਕੁਮੈਂਟ ਕਰਕੇ ਮੁਬਾਰਕਾਂ ਅਤੇ ਅਸੀਸਾਂ ਦਿੱਤੀਆਂ।

## ✡ ਫੋਟੋ ਗੈਲਰੀ ✡



ਸ਼੍ਰੀ ਸਤਿੰਦਰ ਸਿੰਘ,ਆਈ.ਪੀ.ਐਸ ਨੂੰ ਡੀ.ਆਈ.ਜੀ ਬਾਰਡਰ ਰੇਂਜ ਅੰਮ੍ਰਿਤਸਰ ਵਜੋਂ ਅਹੁਦਾ ਸੰਭਾਲਣ ਤੇ ਉਘੇ ਸਮਾਜ ਸੇਵੀ ਤੇ ਗਲੈਕਸੀ ਹੋਟਲ ਦੇ ਮਾਲਕ ਤਰਸੇਮ ਸਿੰਘ ਰੰਧਾਵਾ ਨੇ ਵਿਸ਼ੇਸ਼ ਮੁਲਾਕਾਤ ਕਰਕੇ ਗੁਲਦਸਤਾ ਦੇ ਕੇ ਵਧਾਈ ਦਿੱਤੀ। ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



# ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਵਸ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ ਹੋਣ ਜੀ




## ਵੱਲੋਂ : ਸੰਤ ਸਮਾਜ

**ਜਾਰੀ ਕਰਤਾ : ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ**



ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਵਸ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ ਹੋਣ ਜੀ



ਸਤਨਾਮ ਸਿੰਘ



ਬਲਕਾਰ ਸਿੰਘ



ਪਰਮਜੀਤ ਸਿੰਘ







ਵੱਲੋਂ : ਸ, ਹਰਜਿੰਦਰ ਸਿੰਘ ਜਲਾਲ ਉਸਮਾ ਵਾਈਸ ਪ੍ਰਧਾਨ ਵਾਪਾਰ ਮੰਡਲ ਵਿੰਗ ਅੰਮ੍ਰਿਸਰ ਪੀ ਏ ਸ੍ਰੀ ਵਿਨੀਤ ਵਰਮਾ, ਗੁਰਪ੍ਰੀਤ ਸਿੰਘ ਪੰਜਾਬ ਟੈਟ ਹਾਉਸ ਚੌਕ ਮਹਿਤਾ, ਪੀ ਬੀ ਐਸ ਮੋਲ ਦੇ ਮਾਲਕ ਪਰਮਜੀਤ ਸਿੰਘ ਬਾਠ, ਬਲਕਾਰ ਸਿੰਘ ਬਾਠ, ਸਤਨਾਮ ਸਿੰਘ ਬਾਠ।

ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV

ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
100% VEGETARIAN
PURE AND NATURAL
Enjoy Real Taste of PUNJAB
KD
FULLY A.C. HALL
**Khehra VAISHNO DHABA**
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


# ਪਿੰਡ ਠੱਠ੍ਹੀਆਂ ਵਿਖੇ ਸਰਕਾਰੀ ਸਕੂਲ ਦੇ ਬੱਚਿਆਂ ਨੂੰ ਵੰਡੀਆਂ ਕਿੱਟਾਂ



ਚੌਂਕ ਮਹਿਤਾ,03ਸਤੰਬਰ(ਬਾਬਾ ਸੁਖਵੰਤ ਸਿੰਘ ਚੰਨਣਕੇ)-ਯੂ.ਏ.ਈ. ਦੇ ਉੱਘੇ ਕਾਰੋਬਾਰੀ ਤੇ ਸ਼ੋਸ਼ਲ ਵਰਕਰ ਜੋਗਾ ਸਿੰਘ ਬਮਰਾਹ ਵੱਲੋਂ ਅੱਜ ਇੱਥੇ ਪਿੰਡ ਠੱਠ੍ਹੀਆ ਵਿਖੇ ਸਰਕਾਰੀ ਸਕੂਲ ਦੇ 140 ਬੱਚਿਆਂ ਨੂੰ ਕਿੱਟਾਂ ਵੰਡੀਆਂ ਗਈਆ।ਇਸ ਮੌਕੇ ਜੋਗਾ ਸਿੰਘ ਬਮਰਾਹ ਨੇ ਕਿਹਾ ਕਿ ਆਪਣੇ ਕਮਾਈ ਦਾ ਦਸਵੰਧ ਅਜਿਹੇ ਲੋਕ ਭਲਾਈ ਕਾਰਜਾਂ ‘ਚ ਲਗਾ ਕੇ ਵੱਡੀ ਖੁਸ਼ੀ ਮਹਿਸੂਸ ਕਰਦੇ ਹਨ ਤੇ ਇੰਨ੍ਹਾਂ ਬੱਚਿਆਂ ਦੀ ਭਲਾਈ ਲਈ ਭਵਿੱਖ ‘ਚ ਹੋਰ ਵੀ ਯੋਗਦਾਨ ਪਾਉਂਦੇ ਰਹਿਣਗੇ ।ਇਸ ਦੌਰਾਨ ਹਰਜਿੰਦਰ ਸਿੰਘ,ਸੁਖਜ਼ਿੰਦਰ ਸਿੰਘ ਲਵਲੀ ਲੱਖੂਵਾਲ,ਗੁਰਵਿੰਦਰ ਸਿੰਘ ਦੋਲੋਨੰਗਲ, ਅਵਤਾਰ ਸਿੰਘ,ਸੁਖਦੇਵ ਸਿੰਘ,ਸੁੱਚਾ ਸਿੰਘ,ਰਾਜੂ ਸਟੂਡੀਓ,ਸੁਖਵਿੰਦਰ ਸਿੰਘ,ਪ੍ਰੀਤਮ ਸਿੰਘ,ਚੇਅਰਮੈਨ ਰਵਿੰਦਰ ਸਿੰਘ ਤੋਂ ਇਲਾਵਾ ਹੈੱਡ ਟੀਚਰ ਕਰਮਜੀਤ ਸਿੰਘ ਪੱਲ੍ਹਾ, ਟੀਚਰ ਧਰਮਿੰਦਰ ਸਿੰਘ, ਰੁਪਿੰਦਰ ਸਿੰਘ ਬੀ.ਐੱਮ.ਟੀ.,ਸੰਜੂ ਬਾਲਾ, ਹਰਪ੍ਰੀਤ ਕੌਰ, ਅਮਰਜੀਤ ਕੌਰ ,ਸੀ ਐੱਚ.ਟੀ ਅਜੈਪਾਲ ਸਿੰਘ ਆਦਿ ਵੀ ਮੌਜੂਦ ਸਨ।


ਆਵਾਜ਼ਿ ਕੌਮ AWAZE QAUM
International Newspaper & WEB TV



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
Love Maa Boli Punjabi
ਮੁਕਤਾ ਕੰਨਾ ਸਿਹਾਰੀ ਬਿਹਾਰੀ
ਔਂਕੜ ਦੁਲੈਂਕੜ ਲਾਂ ਦੁਲਾਵਾਂ
ਹੋੜਾ ਕਨੌੜਾ ਟਿੱਪੀ ਕੰਨਾ-ਬਿੰਦੀ
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI

ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਬਾਬਾ ਬੁੱਢਾ ਜੀ ਗ੍ਰੰਥੀ ਰਾਗੀ ਸਭਾ ਟਰੱਸਟ ਵਲੋਂ

# 'ਸਰਬ ਸਾਂਝੀ ਗੁਰਬਾਣੀ' ਨੂੰ ਸਮਰਪਿਤ 'ਮਹਾਨ ਗੁਰਮਤਿ ਸਮਾਗਮ' ਕਰਵਾਇਆ ਗਿਆ

## ਸਿੱਖ ਮਾਰਸ਼ਲ ਆਰਟ ਗੱਤਕੇ ਵਿੱਚ ਗੋਲਡ ਤੇ ਕਾਂਸੀ ਮੈਡਲ ਜਿੱਤਣ ਵਾਲੇ ਨੌਜਵਾਨਾਂ ਨੂੰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਵਿਸੇਸ਼ ਸਨਮਾਨਿਤ ਕੀਤਾ





































**ਸਿਰਸਾ** : ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਬਾਬਾ ਬੁੱਢਾ ਜੀ ਗ੍ਰੰਥੀ ਰਾਗੀ ਸਭਾ ਟਰੱਸਟ ਵਲੋਂ "ਸਰਬ ਸਾਂਝੀ ਗੁਰਬਾਣੀ" ਨੂੰ ਸਮਰਪਿਤ "ਮਹਾਨ ਗੁਰਮਤਿ ਸਮਾਗਮ" ਮੰਡੀ ਡੱਬਵਾਲੀ ਵਿਖੇ ਕਰਵਾਇਆ ਗਿਆ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਅਤੇ ਲੀਗਲ ਵਿੰਗ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਨਾਲ ਗੁਰਮਤਿ ਵਿਚਾਰ ਸਾਂਝੇ ਕੀਤੇ ਗਏ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਕੀਰਤਨੀਏ ਭਾਈ ਸਤਨਾਮ ਸਿੰਘ ਕੁਹਾੜਕਾ,ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ,ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਰਦਾਰ ਜਗਸੀਰ ਸਿੰਘ ਮਾਂਗੇਆਣਾ ਅੰਤ੍ਰਿੰਗ ਮੈਂਬਰ,ਸਰਦਾਰ ਪਰਮਜੀਤ ਸਿੰਘ ਮਾਖਾ ਮੈਂਬਰ,ਸਰਦਾਰ ਮਲਕੀਤ ਸਿੰਘ ਪੰਨੀਵਾਲਾ ਮੋਰੀਕਾ ਮੈਂਬਰ,ਸਰਦਾਰ ਗੁਰਪਾਲ ਸਿੰਘ ਗੋਰਾ ਐਲਨਾਬਾਦ ਮੈਂਬਰ ਵੀ ਹਾਜ਼ਰ ਸਨ ਗ੍ਰੰਥੀ ਰਾਗੀ ਸਭਾ ਵਲੋਂ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ ਸਿੱਖ ਮਾਰਸ਼ਲ ਆਰਟ ਗੱਤਕੇ ਵਿੱਚ ਗੋਲਡ ਮੈਡਲ ਕਾਂਸੀ ਮੈਡਲ ਜਿੱਤਣ ਵਾਲੇ ਨੌਜਵਾਨਾਂ ਨੂੰ ਜਥੇਦਾਰ ਦਾਦੂਵਾਲ ਨੇ ਵਿਸੇਸ਼ ਸਨਮਾਨਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV